SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 09 | Friday, January 12, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕੰਜ਼ਰਵੇਟਿਵਾਂ ਨੇ ਟਰੂਡੋ ਦੇ ਜਮਾਇਕਾ ਦੌਰੇ ਦੀ ਜਾਂਚ ਕਰਵਾਉਣ ਦੀ ਕੀਤੀ ਮੰਗ



ਓਟਵਾ, 11 ਜਨਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਪਿੱਛੇ ਜਿਹੇ ਕੀਤੇ ਗਏ ਜਮਾਇਕਾ ਦੌਰੇ ਦੀ ਫੈਡਰਲ ਕੰਜ਼ਰਵੇਟਿਵਾਂ ਵੱਲੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਜਾ ਰਹੀ ਹੈ। ਟਰੂਡੋ ਦੇ ਆਫਿਸ ਵੱਲੋਂ ਇਹ ਸਫਾਈ ਦਿੱਤੇ ਜਾਣ ਦੇ ਬਾਵਜੂਦ ਕਿ ਇਨ੍ਹਾਂ ਛੁੱਟੀਆਂ ਨੂੰ ਹਰੀ ਝੰਡੀ ਮਿਲ ਗਈ ਸੀ ਕੰਜ਼ਰਵੇਟਿਵ ਕੈਨੇਡਾ ਦੇ ਕੌਨਫਲਿਕਟ ਆਫ ਇੰਟਰਸਟ ਤੇ ਐਥਿਕਸ ਕਮਿਸ਼ਨਰ ਕੋਲੋਂ ਇਸ ਮਾਮਲੇ ਦੀ ਜਾਂਚ ਕਰਵਾਉਣੀ ਚਾਹੁੰਦੇ ਹਨ।

ਆਪਣੇ ਪਰਿਵਾਰ ਦੀਆਂ ਇਨ੍ਹਾਂ ਕੈਰੇਬੀਆਈ ਛੁੱਟੀਆਂ ਉੱਤੇ ਆਏ ਖਰਚੇ ਬਾਰੇ ਵਾਰੀ ਵਾਰੀ ਆਪਣਾ ਬਿਆਨ ਬਦਲਦੇ ਰਹਿਣ ਕਾਰਨ ਕੰਜ਼ਰਵੇਟਿਵ ਐਥਿਕਸ ਕ੍ਰਿਟਿਕ ਮਾਈਕਲ ਬੈਰੇਟ ਨੇ ਮੰਗਲਵਾਰ ਨੂੰ ਅੰਤਰਿਮ ਐਥਿਕਸ ਕਮਿਸ਼ਨਰ ਕੌਨਰੈਡ ਵੌਨ ਫਿੰਕੈਨਸਟੀਨ ਨੂੰ ਪੱਤਰ ਲਿਖ ਕੇ ਮਾਮਲੇ ਦੀ ਜਾਂਚ ਕਰਨ ਲਈ ਆਖਿਆ।ਕੰਜ਼ਰਵੇਟਿਵ ਇਹ ਜਾਨਣਾ ਚਾਹੁੰਦੇ ਹਨ ਕਿ ਕੀ ਫਿੰਕੈਨਸਟੀਨ ਇਹ ਜਾਣਦੇ ਸਨ ਕਿ ਟਰੂਡੋ ਆਪਣੇ ਦੋਸਤ ਦੇ ਵਿੱਲਾ ਵਿੱਚ ਮੁਫਤ ਵਿੱਚ ਰਹਿਣ ਵਾਲੇ ਹਨ।

ਇੱਥੇ ਦੱਸਣਾ ਬਣਦਾ ਹੈ ਕਿ ਪ੍ਰਧਾਨ ਮੰਤਰੀ ਆਫਿਸ ਵੱਲੋਂ ਸ਼ੁਰੂ ਵਿੱਚ ਇਹ ਆਖਿਆ ਗਿਆ ਸੀ ਕਿ ਆਪਣੇ 10 ਰੋਜ਼ਾ ਇਸ ਦੌਰੇ ਦੌਰਾਨ ਟਰੂਡੋ ਦਾ ਪਰਿਵਾਰ ਆਪਣਾ ਖਰਚਾ ਆਪ ਉਠਾਵੇਗਾ। ਇਹ ਵੀ ਆਖਿਆ ਗਿਆ ਸੀ ਕਿ ਇਨ੍ਹਾਂ ਛੁੱਟੀਆਂ ਉੱਤੇ ਜਾਣ ਲਈ ਜਿਹੜਾ ਸਰਕਾਰੀ ਜਹਾਜ਼ ਲਿਜਾਇਆ ਜਾਵੇਗਾ ਉਸ ਦੇ ਬਰਾਬਰ ਕਮਰਸ਼ੀਅਲ ਕਿਰਾਇਆ ਵੀ ਟਰੂਡੋ ਪਰਿਵਾਰ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਸ ਦੌਰੇ ਉੱਤੇ ਜਾਣ ਤੋਂ ਪਹਿਲਾਂ ਟਰੂਡੋ ਵੱਲੋਂ ਫੈਡਰਲ ਐਥਿਕਸ ਕਮਿਸ਼ਨਰ ਨਾਲ ਸਲਾਹ ਵੀ ਕੀਤੀ ਗਈ ਸੀ।

## ਸਟੋਰ ਵਿੱਚ ਡਾਕਾ ਮਾਰਨ ਤੇ ਮੁਲਾਜ਼ਮ ਨੂੰ ਜ਼ਖ਼ਮੀ ਕਰਨ ਵਾਲੇ ਟੀਨੇਜਰ ਨੂੰ ਕੀਤਾ ਗਿਆ ਚਾਰਜ



ਟੋਰਾਂਟੋ, 11 ਜਨਵਰੀ (ਪੋਸਟ ਬਿਊਰੋ) : ਟੋਰਾਂਟੋ ਦੇ ਪੂਰਬੀ ਸਿਰੇ ਉੱਤੇ ਸਥਿਤ ਸਟੋਰ ਨੂੰ ਕਥਿਤ ਤੌਰ ਉੱਤੇ ਚਾਕੂ ਦੀ ਨੋਕ ਉੱਤੇ ਲੁੱਟਣ ਵਾਲੇ ਤੇ ਫਿਰ ਸਟੋਰ ਦੇ ਮੁਲਾਜ਼ਮ ਨੂੰ ਪਿੱਠ ਵਿੱਚ ਚਾਕੂ ਮਾਰਨ ਵਾਲੇ 12 ਸਾਲਾ ਲੜਕੇ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਵੀਰਵਾਰ ਨੂੰ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਪੁਲਿਸ ਨੇ ਆਖਿਆ ਕਿ ਉਨ੍ਹਾਂ ਨੂੰ 10 ਜਨਵਰੀ ਨੂੰ ਰਾਤੀਂ 10:00 ਵਜੇ ਕਿਸੇ ਕੋਲ ਚਾਕੂ ਹੋਣ ਦੀ ਖਬਰ ਦੇ ਕੇ ਡੈਨਫੋਰਥ ਤੇ ਵਿਕਟੋਰੀਆ ਪਾਰਕ ਐਵਨਿਊ ਇਲਾਕੇ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਉਸ ਸਮੇਂ ਸਟੋਰ ਵਿੱਚ ਦਾਖਲ ਹੋਇਆ ਸੀ ਤੇ ਉਸ ਨੇ ਕੈਸ਼ ਰਜਿਸਟਰ ਉੱਤੇ ਜਾ ਕੇ ਪੈਸੇ ਦੀ ਮੰਗ ਕੀਤੀ। ਫਿਰ ਮਸ਼ਕੂਕ ਨੇ ਚਾਕੂ ਕੱਢ ਲਿਆ ਤੇ ਉਸ ਨੂੰ ਲਹਿਰਾਉਂਦਾ ਹੋਇਆ ਕਾਊਂਟਰ ਉੱਤੇ ਛਾਲ ਮਾਰ ਕੇ ਚੜ੍ਹ ਗਿਆ।

...ਬਾਕੀ ਪੰਨਾ 2 'ਤੇ

ਉਦਯੋਗਿਕ ਇਮਾਰਤ | ਵਿਕਰੀ ਲਈ
CBRE
1 ਵੈਨ ਡੇਰ ਗ੍ਰਾਫ ਕੋਰਟ
ਬਰੈਂਪਟਨ, ਓ.ਐਨ
102,205 ਵਰਗ ਫੁੱਟ ਤੁਰੰਤ ਉਪਲਬਧ ਹੈ
Fraser McKenna* fraser.mckenna@cbre.com
Joseph Cattana* joseph.cattana@cbre.com
Ted Peters* ted.peters@cbre.com

## ਯੌਰਕਵਿੱਲ ਨੇੜੇ ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ



ਟੋਰਾਂਟੋ, 11 ਜਨਵਰੀ (ਪੋਸਟ ਬਿਊਰੋ) : ਬੁੱਧਵਾਰ ਰਾਤ ਨੂੰ ਛੁਰੇਬਾਜ਼ੀ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਉਸ ਨੂੰ ਨਾਜ਼ੁਕ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਇਹ ਜਾਣਕਾਰੀ ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ।

ਛੁਰੇਬਾਜ਼ੀ ਦੀਆਂ ਖਬਰਾਂ ਮਿਲਣ ਤੋਂ ਬਾਅਦ ਰਾਤੀਂ 10:30 ਵਜੇ ਤੋਂ ਪਹਿਲਾਂ ਐਵਨਿਊ ਰੋਡ ਤੇ ਡੇਵਨਪੋਰਟ ਰੋਡ ਉੱਤੇ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇਲਾਕੇ ਵਿੱਚ ਛੁਰੇਬਾਜ਼ੀ ਕਾਰਨ ਜ਼ਖ਼ਮੀ ਹੋਇਆ ਵਿਅਕਤੀ ਉਨ੍ਹਾਂ ਨੂੰ ਮਿਲਿਆ ਪਰ ਰਿਸਪਾਂਡਿੰਗ ਅਧਿਕਾਰੀ ਇਹ ਯਕੀਨੀ ਨਹੀਂ ਬਣਾ ਸਕੇ ਕਿ ਇਹ ਛੁਰੇਬਾਜ਼ੀ ਕਿੱਥੇ ਵਾਪਰੀ।

ਪ੍ਰਾਪਤ ਜਾਣਕਾਰੀ ਅਨੁਸਾਰ 250 ਡੇਵਨਪੋਰਟ ਰੋਡ ਉੱਤੇ ਸਥਿਤ ਇੱਕ ਹਾਊਸਿੰਗ ਕਾਂਪਲੈਕਸ ਦੇ ਬਾਹਰ ਪੁਲਿਸ ਦੀਆਂ ਕਈ ਗੱਡੀਆਂ ਵੇਖੀਆਂ ਗਈਆਂ। ਇਹ ਵੀ ਸਪਸ਼ਟ ਨਹੀਂ ਹੋ ਸਕਿਆ ਕਿ ਛੁਰੇਬਾਜ਼ੀ ਬਿਲਡਿੰਗ ਵਿੱਚ ਹੋਈ ਜਾਂ ਕਿਤੇ ਹੋਰ।ਹਾਲ ਦੀ ਘੜੀ ਕਿਸੇ ਮਸ਼ਕੂਕ ਬਾਰੇ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

## ਕੰਸਟ੍ਰਕਸ਼ਨ ਸਾਈਟ ਉਤੇ 9 ਵਰਕਰਜ਼ ਕੈਮੀਕਲ ਰਿਸਣ ਕਾਰਨ ਹੋਏ ਜ਼ਖ਼ਮੀ



ਟੋਰਾਂਟੋ, 11 ਜਨਵਰੀ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਕੰਸਟ੍ਰਕਸ਼ਨ ਸਾਈਟ ਉੱਤੇ ਕੈਮੀਕਲ ਰਿਸਣ ਕਾਰਨ ਨੌਂ ਵਰਕਰਜ਼ ਉਸ ਦੀ ਚਪੇਟ ਵਿੱਚ ਆ ਗਏ ਪਰ ਜਲਦ ਹੀ ਉਨ੍ਹਾਂ ਦਾ ਇਲਾਜ ਕਰਵਾ ਦਿੱਤਾ ਗਿਆ।

ਵੀਰਵਾਰ ਨੂੰ ਸਵੇਰੇ 11:00 ਵਜੇ ਤੋਂ ਪਹਿਲਾਂ ਸ਼ੈਪਰਡ ਐਵਨਿਊ ਈਸਟ ਦੇ ਦੱਖਣ ਵੱਲ ਐਸਥਰ ਸ਼ਾਈਨਰ ਬੁਲੇਵਾਰਡ ਉੱਤੇ ਵਾਪਰੀ ਇਸ ਘਟਨਾ ਤੋਂ ਬਾਅਦ ਟੋਰਾਂਟੋ ਫਾਇਰ ਨੂੰ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਮਾਰਤ ਦੇ ਅੰਦਰ ਕਿਸੇ ਅਣਪਛਾਤੇ ਪ੍ਰੋਡਕਟ ਦਾ ਬੈਰਲ ਮਿਲਿਆ ਜਿਸ ਵਿੱਚੋਂ ਧੂੰਆਂ ਨਿਕਲ ਰਿਹਾ ਸੀ ਤੇ ਇਸ ਦੇ ਸੰਪਰਕ ਵਿੱਚ ਆਉਣ ਵਾਲੇ ਵਰਕਰਜ਼ ਨੂੰ ਮੈਡੀਕਲ ਮਦਦ ਮੁਹੱਈਆ ਕਰਵਾਈ ਗਈ।

ਮਾਮੂਲੀ ਜ਼ਖ਼ਮੀ ਹੋਣ ਕਾਰਨ ਪੈਰਾਮੈਡਿਕਸ ਵੱਲੋਂ ਤਿੰਨ ਵਰਕਰਜ਼ ਨੂੰ ਹਸਪਤਾਲ ਲਿਜਾਇਆ ਗਿਆ ਜਦਕਿ ਛੇ ਹੋਰਨਾਂ ਦਾ ਮੌਕੇ ਉੱਤੇ ਹੀ ਇਲਾਜ ਕਰ ਦਿੱਤਾ ਗਿਆ।ਹਜ਼ਮਤ ਕ੍ਰਿਊ ਵੱਲੋਂ ਏਅਰ ਕੁਆਲਿਟੀ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਲੇਬਰ ਮੰਤਰਾਲੇ ਨੂੰ ਵੀ ਇਸ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ।

## 911 ਉੱਤੇ ਬੇਮਤਲਬ ਦੀਆਂ ਕਾਲਜ਼ ਕਰਨ ਵਾਲਿਆਂ ਨੂੰ ਹੁਣ ਹੋ ਸਕਦਾ ਹੈ ਜੁਰਮਾਨਾ



ਬਰੈਂਪਟਨ, 11 ਜਨਵਰੀ (ਪੋਸਟ ਬਿਊਰੋ) : ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਵੱਲੋਂ ਪੇਸ਼ ਮਤੇ ਨੂੰ ਪੀਲ ਰੀਜਨ ਵੱਲੋਂ ਪਾਸ ਕਰ ਦਿੱਤਾ ਗਿਆ। 911 ਉੱਤੇ ਖਾਹਮਖਾਹ ਕਾਲਜ਼ ਕਰਨ ਵਾਲਿਆਂ ਨੂੰ ਜੁਰਮਾਨਾ ਕੀਤਾ ਜਾਵੇ ਜਾਂ ਨਹੀਂ ਇਸ ਵਾਸਤੇ ਜਾਂਚ ਕਰਨ ਲਈ ਮੇਅਰ ਸਟਾਫ ਲਾਉਣਾ ਚਾਹੁੰਦੇ ਹਨ।

ਪੀਲ ਰੀਜਨਲ ਪੁਲਿਸ ਦਾ ਕਹਿਣਾ ਹੈ ਕਿ 911 ਉੱਤੇ ਰੋਜ਼ਾਨਾ ਉਨ੍ਹਾਂ ਨੂੰ 1800 ਕਾਲਜ਼ ਆਉਂਦੀਆਂ ਹਨ ਜਿਨ੍ਹਾਂ ਵਿੱਚੋਂ 40 ਫੀ ਸਦੀ ਤੋਂ ਵੀ ਵੱਧ ਬੇਮਤਲਬ ਦੀਆਂ, ਅਢੁਕਵੀਆਂ ਹੁੰਦੀਆਂ ਹਨ ਤੇ ਜਾਂ ਫਿਰ ਇਸ ਨੰਬਰ ਦੀ ਦੁਰਵਰਤੋਂ ਕੀਤੀ ਜਾਂਦੀ ਹੈ।ਬ੍ਰਾਊਨ ਨੇ ਆਖਿਆ ਕਿ ਇਹ ਜ਼ਰੂਰੀ ਹੈ ਕਿ 911 ਦੀ ਵਰਤੋਂ ਸਿਰਫ ਐਮਰਜੰਸੀਜ਼ ਲਈ ਕੀਤੀ ਜਾਵੇ। ਉਨ੍ਹਾਂ ਇਹ ਵੀ ਆਖਿਆ ਕਿ ਰੈਜ਼ੀਡੈਂਟਸ ਦੀ ਸੇਫਟੀ ਤੇ ਸੁਰੱਖਿਆ ਉਨ੍ਹਾਂ ਦੀ ਕਾਊਂਸਲ ਦੀ ਮੁੱਖ ਤਰਜੀਹ ਹੈ।

ਬ੍ਰਾਊਨ ਨੇ ਆਖਿਆ ਕਿ ਉਹ ਇਸ ਨੰਬਰ ਦੀ ਦੁਰਵਰਤੋਂ ਨੂੰ ਰੋਕਣਾ ਚਾਹੁੰਦੇ ਹਨ ਤੇ ਇਸੇ ਲਈ ਉਨ੍ਹਾਂ ਵੱਲੋਂ ਇਸ ਸਬੰਧ ਵਿੱਚ ਮਤਾ ਪੇਸ਼ ਕੀਤਾ ਗਿਆ। ਉਨ੍ਹਾਂ ਇਹ ਵੀ ਆਖਿਆ ਕਿ ਉਨ੍ਹਾਂ ਦੇ ਮਤੇ ਨੂੰ ਸਮਰਥਨ ਦੇਣ ਲਈ ਉਹ ਆਪਣੇ ਕੁਲੀਗਜ਼ ਦੇ ਧੰਨਵਾਦੀ ਹਨ। ਬਰੈਂਪਟਨ ਸਿਟੀ ਕਾਊਂਸਲ ਨੇ ਆਖਿਆ ਕਿ 2022 ਤੋਂ ਹੀ ਪੀਲ ਰੀਜਨ ਵਿੱਚ 911 ਕਾਲਜ਼ ਵਿੱਚ 27 ਫੀ ਸਦੀ ਦਾ ਵਾਧਾ ਹੋਇਆ ਹੈ।ਪੀਲ ਰੀਜਨਲ ਪੁਲਿਸ ਅਨੁਸਾਰ ਇਹ ਕਾਫੀ ਜ਼ਿਆਦਾ ਵਾਧਾ ਹੈ।

## ਕੋਰੋਨਾ ਦੇ ਨਵੇਂ JN.1 ਵੇਰੀਐਂਟ ਨੂੰ ਲੈ ਕੇ WHO ਨੇ ਕੀਤਾ ਸਾਵਧਾਨ, ਦਸੰਬਰ ਵਿਚ 10 ਹਜ਼ਾਰ ਮੌਤਾਂ

ਨਵੀਂ ਦਿੱਲੀ, 11 ਜਨਵਰੀ (ਪੋਸਟ ਬਿਊਰੋ): ਕੋਰੋਨਾ ਨੇ ਇੱਕ ਵਾਰ ਫਿਰ ਆਪਣੇ ਪੈਰ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਇਸਦੇ ਨਾਲ ਹੀ ਸੰਯੁਕਤ ਰਾਸ਼ਟਰ ਦੀ ਸਿਹਤ ਏਜੰਸੀ ਦੇ ਮੁਖੀ ਨੇ ਬੁੱਧਵਾਰ ਨੂੰ ਕਿਹਾ ਕਿ ਛੁੱਟੀਆਂ ਦੌਰਾਨ ਲੋਕਾਂ ਦੀ ਭੀੜ ਅਤੇ ਦੁਨੀਆ ਭਰ ਵਿੱਚ ਫੈਲ ਰਹੇ ਵਾਇਰਸ ਦੇ ਨਵੇਂ ਵੇਰੀਐਂਟ ਕਾਰਨ ਪਿਛਲੇ ਮਹੀਨੇ ਲਾਗ ਦੇ ਮਾਮਲੇ ਵਧੇ ਹਨ। WHO ਨੇ ਸਾਵਧਾਨ ਕਰਦਿਆਂ ਕਿਹਾ ਕਿ ਲਾਗ ਕਾਰਨ ਦਸੰਬਰ ਵਿੱਚ ਲਗਭਗ 10,000 ਜਣਿਆਂ ਦੀ ਮੌਤ ਹੋਈ, ਜਦੋਂ ਕਿ ਲਗਭਗ 50 ਦੇਸ਼ਾਂ ਦੇ ਹਸਪਤਾਲਾਂ ਵਿੱਚ ਮਰੀਜ਼ਾਂ ਦੇ ਦਾਖ਼ਲ ਹੋਣ ਦਾ ਅੰਕੜਾ 42 ਫ਼ੀਸਦੀ ਵੱਧ ਗਿਆ। ਇਨ੍ਹਾਂ ਵਿੱਚੋਂ ਜ਼ਿਆਦਾਤਰ ਯੂਰਪ ਅਤੇ ਅਮਰੀਕਾ ਤੋਂ ਹਨ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸੇਬਿਲਿਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Brokerage Lic.12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਜੜ੍ਹੀਂ ਬੈਠੀ ਪਈ ਭਾਰਤ ਦੇ ਦਲ-ਬਦਲੀ,
ਸਾਰੇ ਈ ਨੱਕ-ਮੂੰਹ ਰਹੇ ਹਨ ਵੱਟ ਬੇਲੀ।
ਇਸ ਦੀ ਰੋਕ ਲਈ ਜਦੋਂ ਕਾਨੂੰਨ ਬਣਿਆ,
ਕਿਹਾ ਬਿਮਾਰੀ ਵੀ ਸਾਰੀ ਦੇਊ ਕੱਟ ਬੇਲੀ।
ਜੋ ਵੀ ਲੀਡਰ ਕੋਈ ਕਰੂਗਾ ਦਲ-ਬਦਲੀ,
ਨਿਕਲ ਫਿਰ ਜਾਣਗੇ ਆਗੂ ਦੇ ਵੱਟ ਬੇਲੀ।
ਮੂਹਰੇ ਲੀਡਰ ਸਭ ਜਾਣਦੇ ਚੁਸਤੀਆਂ ਨੂੰ,
ਅਕਲੋਂ ਮਾਸਾ ਵੀ ਉਹ ਨਹੀਂ ਘੱਟ ਬੇਲੀ।
ਵਰਤਣ ਲੱਗ ਪਏ ਇਹੋ ਜਿਹੇ ਦਾਅ ਆਗੂ,
ਕੀਤਾ ਪਿਆ ਖੁੰਢਾ ਈ ਨੇਮ-ਕਾਨੂੰਨ ਬੇਲੀ।
ਹਾਲਤ ਦੇਵਣੀ ਸੁਧਰਨ ਨਹੀਂ ਆਗੂਆਂ ਨੇ,
ਜਿਨ੍ਹਾਂ ਦੇ ਮੂੰਹ ਨੂੰ ਲੱਗਾ ਪਿਆ ਖੂਨ ਬੇਲੀ।

**ਤੀਸ ਮਾਰ ਖਾਂ**

# ਪਾਪੂਆ ਨਿਊ ਗਿਨੀ ਵਿਚ ਪੁਲਿਸ ਮੁਲਾਜ਼ਮਾਂ ਦੀ ਹੜਤਾਲ ਦੌਰਾਨ ਹੋਈ ਹਿੰਸਾ ਵਿਚ 15 ਮੌਤਾਂ

ਪੋਰਟ ਮੋਰੇਸਬੀ, 11 ਜਨਵਰੀ (ਪੋਸਟ ਬਿਊਰੋ): ਪੁਲਿਸ ਨੇ ਬੁੱਧਵਾਰ ਨੂੰ ਪਾਪੂਆ ਨਿਊ ਗਿਨੀ ਦੀ ਰਾਜਧਾਨੀ ਪੋਰਟ ਮੋਰੇਸਬੀ ਵਿੱਚ ਹੜਤਾਲ ਕੀਤੀ। ਇਸ ਤੋਂ ਬਾਅਦ ਸ਼ਹਿਰ ਦੀ ਸਥਿਤੀ ਕਾਬੂ ਤੋਂ ਬਾਹਰ ਹੋ ਗਈ। ਲੋਕਾਂ ਨੇ ਲੁੱਟਮਾਰ ਸ਼ੁਰੂ ਕਰ ਦਿੱਤੀ ਅਤੇ ਦੰਗੇ ਵੀ ਸ਼ੁਰੂ ਹੋ ਗਏ। ਇੱਕ ਚੀਜ਼ ਚੈੱਨਲ ਦੇ ਮੁਤਾਬਕ ਪੁਲਿਸ ਦੀ ਗੈਰ-ਮੌਜੂਦਗੀ ਵਿੱਚ, ਲੋਕ ਸੁਪਰਮਾਰਕੀਟਾਂ ਅਤੇ ਦੁਕਾਨਾਂ ਵਿੱਚ ਦਾਖਲ ਹੋਏ ਅਤੇ ਉਨ੍ਹਾਂ ਵਿੱਚ ਭੰਨਤੋੜ ਕੀਤੀ ਅਤੇ ਸਾਮਾਨ ਲੈ ਗਏ। ਇਸ ਤੋਂ ਇਲਾਵਾ ਕੁਝ ਸ਼ਰਾਰਤੀ ਅਨਸਰਾਂ ਨੇ ਸੜਕਾਂ 'ਤੇ ਖੜ੍ਹੇ ਵਾਹਨਾਂ ਅਤੇ ਛੋਟੀਆਂ ਦੁਕਾਨਾਂ ਨੂੰ ਅੱਗ ਲਗਾ ਦਿੱਤੀ।



ਤਨਖ਼ਾਹਾਂ ਨੂੰ ਲੈ ਕੇ ਸੰਸਦ ਦੇ ਬਾਹਰ ਰੋਸ ਪ੍ਰਦਰਸ਼ਨ ਕਰ ਰਹੇ ਸਨ। ਇਸ ਦੌਰਾਨ ਉਥੇ ਲੋਕ ਵੀ ਇਕੱਠੇ ਹੋ ਗਏ। ਇਹ ਲੋਕ ਪਾਰਲੀਮੈਂਟ ਵਿੱਚ ਵੜਨ ਦੀ ਕੋਸ਼ਿਸ਼ ਕਰਨ ਲੱਗੇ। ਲੋਕਾਂ ਨੇ ਪ੍ਰਧਾਨ ਮੰਤਰੀ ਦਫ਼ਤਰ ਦੇ ਅਹਾਤੇ ਵਿੱਚ ਖੜ੍ਹੀ ਗੱਡੀ ਨੂੰ ਅੱਗ ਲਾ ਦਿੱਤੀ।

ਪਾਪੂਆ ਨਿਊ ਗਿਨੀ ਵਿੱਚ ਬੇਰੁਜ਼ਗਾਰੀ ਅਤੇ ਮਹਿੰਗਾਈ ਵਧ ਰਹੀ ਹੈ। ਦੂਜੇ ਪਾਸੇ ਤਨਖ਼ਾਹ ਵਧਾਉਣ ਦੀ ਬਜਾਏ ਪੁਲਿਸ ਮੁਲਾਜ਼ਮਾਂ ਦੀ ਤਨਖ਼ਾਹ 50 ਫ਼ੀਸਦੀ ਘਟਾ ਦਿੱਤੀ ਗਈ ਹੈ। ਇਸ ਤੋਂ ਨਾਰ-ਾਜ਼ ਹੋ ਕੇ ਪੁਲਿਸ ਕਰਮਚਾਰੀ ਸੰਸਦ ਦੇ ਬਾਹਰ ਹੜਤਾਲ 'ਤੇ ਬੈਠੇ ਸਨ। ਇਸ ਤੋਂ ਬਾਅਦ ਸ਼ਹਿਰ 'ਚ ਹਿੰਸਾ ਵਧ ਗਈ। ਪੋਰਟ ਮੋਰੇਸਬੀ ਜਨਰਲ ਹਸਪਤਾਲ ਨੇ ਰਾਜਧਾਨੀ ਵਿੱਚ ਅੱਠ ਮੌਤਾਂ ਦੀ ਪੁਸ਼ਟੀ ਕੀਤੀ ਹੈ। ਇਸ ਦੇ ਨਾਲ ਹੀ ਪਾਪੂਆ ਨਿਊ ਗਿਨੀ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਲੇ ਵਿੱਚ ਸੱਤ ਹੋਰ ਮੌਤਾਂ ਹੋਈਆਂ ਹਨ। ਹਿੰਸਾ 'ਚ ਕੁੱਲ 15 ਜਣੇ ਮਾਰੇ ਗਏ ਹਨ।

# ਸਟੋਰ ਵਿੱਚ ਡਾਕਾ ਮਾਰਨ ਤੇ ਮੁਲਾਜ਼ਮ ਨੂੰ ਜ਼ਖ਼ਮੀ ਕਰਨ ਵਾਲੇ ਟੀਨੇਜਰ ਨੂੰ ਕੀਤਾ ਗਿਆ ਚਾਰਜ

ਪੰਨਾ 1 ਦਾ ਬਾਕੀ

ਫਿਰ ਮਸ਼ਕੂਕ ਨੇ ਸਟੋਰ ਦੇ ਬਾਹਰ ਇੱਕ ਮੁਲਾਜ਼ਮ ਦਾ ਪਿੱਛਾ ਕੀਤਾ ਤੇ ਉਸ ਦੀ ਪਿੱਠ ਵਿੱਚ ਚਾਕੂ ਮਾਰ ਦਿੱਤਾ।

ਮੁਲਾਜ਼ਮ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਯੂਥ ਕ੍ਰਿਮੀਨਲ ਜਸਟਿਸ ਐਕਟ ਤਹਿਤ ਇਸ ਮਸ਼ਕੂਕ ਦੇ ਨਾਂ ਦਾ ਖੁਲਾਸਾ ਨਹੀਂ ਕੀਤਾ ਜਾ ਸਕਦਾ ਪਰ ਇਸ ਨੂੰ ਮੌਕੇ ਉੱਤੇ ਹੀ ਗ੍ਰਿਫਤਾਰ ਕਰ ਲਿਆ ਗਿਆ ਤੇ ਪੁਲਿਸ ਨੇ ਚਾਕੂ ਵੀ ਬਰਾਮਦ ਕਰ ਲਿਆ। ਉਸ ਖਿਲਾਫ ਹਥਿਆਰ ਨਾਲ ਡਾਕਾ ਮਾਰਨ, ਸ਼ਰੀਰਕ ਨੁਕਸਾਨ ਪਹੁੰਚਾਉਣ ਤੇ 5000 ਡਾਲਰ ਤੋਂ ਘੱਟ ਦੀ ਸ਼ਰਾਰਤ ਕਰਨ ਦੇ ਚਾਰਜਿਜ਼ ਲਾਏ ਗਏ ਹਨ।

# ਪਾਕਿਸਤਾਨ ਦੀ ਸੁਪਰੀਮ ਕੋਰਟ ਦੇ ਜੱਜ ਨੇ ਦਿੱਤਾ ਅਸਤੀਫਾ, ਭ੍ਰਿਸ਼ਟਾਚਾਰ ਦੇ ਲੱਗੇ ਦੋਸ਼



ਇਸਲਾਮਾਬਾਦ, 10 ਜਨਵਰੀ (ਪੋਸਟ ਬਿਊਰੋ): ਭ੍ਰਿਸ਼ਟਾਚਾਰ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਪਾਕਿਸਤਾਨ ਦੀ ਸੁਪਰੀਮ ਕੋਰਟ ਦੇ ਇਕ ਜੱਜ ਨੇ ਬੁੱਧਵਾਰ ਨੂੰ ਅਸਤੀਫਾ ਦੇ ਦਿੱਤਾ। ਇਕ ਦਿਨ ਸੁਪਰੀਮ ਕੋਰਟ ਦੀ ਅਨੁਸ਼ਾਸਨੀ ਕਮੇਟੀ ਨੇ ਉਸ ਵਿਰੁੱਧ ਦੁਰਵਿਵਹਾਰ ਲਈ ਕਾਰਵਾਈ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਸੀ।

ਜਸਟਿਸ ਸਈਅਦ ਮਜ਼ਹਰ ਅਲੀ ਅਕਬਰ ਨੇ ਪਾਕਿਸਤਾਨ ਦੇ ਰਾਸ਼ਟਰਪਤੀ ਆਰਿਫ ਅਲਵੀ ਨੂੰ ਪੱਤਰ ਲਿਖ ਕੇ ਆਪਣਾ ਅਸਤੀਫਾ ਸੌਂਪ ਦਿੱਤਾ ਹੈ। ਇਸ ਵਿਚ ਉਸ ਨੇ ਕਿਹਾ ਕਿ ਉਸ 'ਤੇ ਲੱਗੇ ਦੋਸ਼ਾਂ ਅਤੇ ਉਸ ਨਾਲ ਜਿਸ ਤਰ੍ਹਾਂ ਦਾ ਵਿਵਹਾਰ ਕੀਤਾ ਗਿਆ ਸੀ, ਇਸ ਦੌਰਾਨ ਉਹ ਆਪਣੇ ਕਰਤੱਵਾਂ ਨੂੰ ਅੱਗੇ ਨਹੀਂ ਵਧਾ ਸਕਦੇ।

ਉਨ੍ਹਾਂ ਕਿਹਾ, 'ਪਹਿਲਾਂ ਲਾਹੌਰ ਹਾਈ ਕੋਰਟ ਅਤੇ ਫਿਰ ਪਾਕਿਸਤਾਨ ਦੀ ਸੁਪਰੀਮ ਕੋਰਟ ਵਿਚ ਜੱਜ ਵਜੋਂ ਨਿਯੁਕਤ ਹੋਣਾ ਅਤੇ ਸੇਵਾ ਕਰਨਾ ਸਨਮਾਨ ਦੀ ਗੱਲ ਸੀ। ਪਰ, ਅਜਿਹੇ ਹਾਲਾਤਾਂ ਵਿੱਚ, ਜੋ ਕਿ ਜਨਤਕ ਜਾਣਕਾਰੀ ਅਤੇ ਕੁਝ ਹੱਦ ਤੱਕ ਜਨਤਕ ਰਿਕਾਰਡ ਦਾ ਮਾਮਲਾ ਹੈ, ਮੇਰੇ ਲਈ ਪਾਕਿਸਤਾਨ ਦੀ ਸੁਪਰੀਮ ਕੋਰਟ ਦੇ ਜੱਜ ਵਜੋਂ ਸੇਵਾ ਜਾਰੀ ਰੱਖਣਾ ਸੰਭਵ ਨਹੀਂ ਹੈ।'

# ਨੌਜਵਾਨਾਂ ਦੀ ਸਕਾਰਾਤਮਕ ਊਰਜਾ ਨੂੰ ਉਸਾਰੂ ਪਾਸੇ ਲਾਇਆ ਜਾਵੇਗਾ : ਕੈਬਿਨਟ ਮੰਤਰੀ ਅਨਮੋਲ ਗਗਨ ਮਾਨ

## ਪਲਹੇੜੀ ਪਿੰਡ ਵਿੱਚ 69 ਲੱਖ ਰੁਪਏ ਦੇ ਖੇਡ ਮੈਦਾਨ ਅਤੇ ਵਿਕਾਸ ਕਾਰਜ ਪਿੰਡ ਵਾਸੀਆਂ ਨੂੰ ਸਮਰਪਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਜਨਵਰੀ (ਗਿਆਨ ਸਿੰਘ):ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਪ੍ਰਾਹੁਣਚਾਰੀ ਵਿਭਾਗਾਂ ਬਾਰੇ ਮੰਤਰੀ, ਮਿਸ ਅਨਮੋਲ ਗਗਨ ਮਾਨ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੰਜਾਬ ਦੇ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਕੇ ਉਨ੍ਹਾਂ ਦੀ ਸਕਾਰਾਤਮਕ ਊਰਜਾ ਨੂੰ ਉਸਾਰੂ ਦਿਸ਼ਾ ਦੇਣ ਲਈ ਵਚਨਬੱਧ ਹੈ।

ਅੱਜ ਖਰੜ ਹਲਕੇ ਦੇ ਪਿੰਡ ਪਲਹੇੜੀ ਵਿਖੇ ਖੇਡ ਸਟੇਡੀਅਮ ਦਾ ਉਦਘਾਟਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਖੇਡ ਮੈਦਾਨ ਸਾਡੀ ਨੌਜਵਾਨ ਪੀੜ੍ਹੀ ਵਿੱਚ ਖੇਡ ਸੱਭਿਆਚਾਰ ਪੈਦਾ ਕਰਕੇ ਉਨ੍ਹਾਂ ਲਈ ਵਰਦਾਨ ਸਾਬਤ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਸਟੇਡੀਅਮ ਵਿੱਚ ਕ੍ਰਿਕੇਟ ਪਿੱਚ, ਵਾਲੀਬਾਲ ਗਰਾਊਂਡ ਤੋਂ ਇਲਾਵਾ ਸਵੇਰ ਦੀ ਸੈਰ ਕਰਨ ਵਾਲਿਆਂ ਲਈ ਵਾਕਿੰਗ ਟਰੈਕ ਹੈ ਤਾਂ ਜੋ ਸਾਰੇ ਪਿੰਡ ਨਿਵਾਸੀਆਂ ਨੂੰ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਲਾਭ ਮਿਲ ਸਕੇ। ਉਨ੍ਹਾਂ ਬੀਡੀਪੀਓ ਨੂੰ ਕਿਹਾ ਕਿ ਇੱਥੇ ਇੱਕ ਓਪਨ ਜਿੰਮ ਵੀ ਸਥਾਪਿਤ ਕੀਤਾ ਜਾਵੇ ਤਾਂ ਜੋ ਲੋਕ ਵਿਹਲੇ ਸਮੇਂ ਇੱਥੇ ਕਸਰਤ ਕਰ ਸਕਣ।



ਪਿੰਡ ਵਾਸੀਆਂ ਨੂੰ ਸਮਰਪਿਤ ਕੀਤੇ ਗਏ ਪ੍ਰੋਜੈਕਟਾਂ ਵਿੱਚ 27 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਅਤੇ ਨਾਲ ਲੱਗਦਾ ਪਾਰਕ, 19 ਲੱਖ ਰੁਪਏ ਦੀ ਲਾਗਤ ਨਾਲ ਥਾਪਰ ਮਾਡਲ ਸੀਵਰੇਜ ਦੇ ਪਾਣੀ ਦਾ ਨਿਕਾਸ ਸਿਸਟਮ, 17 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਅਤੇ 6 ਲੱਖ ਰੁਪਏ ਦੀ ਲਾਗਤ ਨਾਲ ਇੱਕ ਛੋਟਾ ਪਾਰਕ ਸ਼ਾਮਲ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਮੁੱਖ ਸੜਕ ਪੱਕਾ ਹੋਣ ਤੋਂ ਰਹਿੰਦੇ ਕੱਚੇ ਲਿੰਕ ਸਮੇਤ ਸਾਰੀਆਂ ਲਟਕਦੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ।

ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਪੰਜਾਬ ਦੇ ਨਿਊ ਚੰਡੀਗੜ੍ਹ ਖੇਤਰ ਵਿੱਚ ਈਕੋ ਟੂਰਿਜ਼ਮ ਦੀਆਂ ਅਥਾਹ ਸੰਭਾਵਨਾਵਾਂ ਹਨ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਹੋਣ ਦੇ ਨਾਤੇ ਉਹ ਇਹ ਐਲਾਨ ਕਰਦਿਆਂ ਮਾਣ ਮਹਿਸੂਸ ਕਰ ਰਹੇ ਹਨ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਣਾਈਆਂ ਗਈਆਂ ਨਿਵੇਸ਼ ਨੀਤੀਆਂ ਨੇ ਇਸ ਖੇਤਰ ਵਿੱਚ ਥੀਮ ਪਾਰਕ ਵਰਗੇ ਵੱਡੇ ਪ੍ਰੋਜੈਕਟਾਂ ਲਈ ਰਾਹ ਪੱਧਰਾ ਕੀਤਾ ਹੈ।

ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਗਣਤੰਤਰ ਦਿਵਸ ਪਰੇਡ ਲਈ ਪੰਜਾਬ ਦੀ ਝਾਕੀ ਨੂੰ ਰੱਦ ਕਰਨ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਇਹ ਬਹੁਤ ਦੁਖਦਾਈ ਹੈ ਕਿ ਰਾਸ਼ਟਰ ਦੇ ਆਜ਼ਾਦੀ ਨਾਇਕਾਂ ਸਰਦਾਰ ਭਗਤ ਸਿੰਘ ਅਤੇ ਕਰਤਾਰ ਸਿੰਘ ਸਰਾਭਾ ਦੀ ਤਸਵੀਰ 'ਤੇ ਆਧਾਰਿਤ ਝਾਕੀ ਨੂੰ ਪਰੇਡ ਲਈ ਨਹੀਂ ਵਿਚਾਰਿਆ ਗਿਆ।

ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਐਸ.ਡੀ.ਐਮ ਖਰੜ ਗੁਰਮੰਦਰ ਸਿੰਘ, ਸਰਪੰਚ ਕੁਲਵਿੰਦਰ ਸਿੰਘ ਸਮੇਤ ਪਿੰਡ ਦੀ ਪੰਚਾਇਤ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਅਧਿਕਾਰੀ ਹਾਜ਼ਰ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਸੁਰਜੀਤ ਸਿੰਘ ਫਲੋਰਾ ਦੀ ਪਲੇਠੀ ਕਿਤਾਬ ਚੁਣੌਤੀ ਅਤੇ ਅਵਸਰ ਮਨੁੱਖੀ ਅਨੁਭਵ ਦੀਆਂ ਡੂੰਘਾਈਆਂ ਨੂੰ ਬਿਆਨ ਕਰਦੀ ਹੈ




-ਐਲੈਕਸ ਗਰੈਗਰੀ-


ਸੁਰਜੀਤ ਸਿੰਘ ਫਲੋਰਾ ਦੀ ਪਲੇਠੀ ਅੰਗਰੇਜੀ ਦੀ ਐਮਾਜ਼ਾਨ ਦੁਆਰਾ ਪ੍ਰਕਾਸ਼ਿਤ ਕੀਤੀ ਗਈ ਪਹਿਲੀ ਕਿਤਾਬ, (THE CHALLENEGE AND THE OPPORTUNITY) "ਚੁਣੌਤੀ ਅਤੇ ਅਵਸਰ," ਅਸਲ ਵਿੱਚ ਮੁਸ਼ਕਲਾਂ ਅਤੇ ਸੰਭਾਵਨਾਵਾਂ ਦੇ ਵਿਚਕਾਰ ਗੁੰਝਲਦਾਰ ਨਾਚ ਦੀ ਡੂੰਘੀ ਖੋਜ਼ ਹੈ। ਨਿੱਜੀ ਕਹਾਣੀਆਂ, ਵਿਹਾਰਕ ਬੁੱਧੀ ਅਤੇ ਦੂਜਿਆਂ ਨੂੰ ਮਾਰਗਦਰਸ਼ਨ ਕਰਨ ਦੀ ਸੁਹਿਰਦ ਇੱਛਾ ਦੇ ਸੁਮੇਲ ਦੁਆਰਾ, ਮਿਸਟਰ ਫਲੋਰਾ ਸੱਚਮੁੱਚ ਇੱਕ ਪ੍ਰਭਾਵਸ਼ਾਲੀ ਬਿਰਤਾਂਤ ਦਾ ਪਰਦਾਫਾਸ਼ ਕਰਦਾ ਹੈ ਜੋ ਮਨੁੱਖੀ ਅਨੁਭਵ ਦੀਆਂ ਡੂੰਘਾਈਆਂ ਨੂੰ ਬਿਆਨ ਕਰਦਾ ਹੈ।

ਇਸਦੇ ਮੂਲ ਰੂਪ ਵਿੱਚ, ਇਹ ਕਿਤਾਬ ਲਚਕੀਲੇਪਣ ਦਾ ਪ੍ਰਮਾਣ ਹੈ। ਸ੍ਰੀ ਸੁਰਜੀਤ ਸਿੰਘ ਫਲੋਰਾ ਨੇ ਬੜੀ ਬਹਾਦਰੀ ਨਾਲ ਆਪਣੀ ਜੀਵਨ ਕਹਾਣੀ ਸਾਂਝੀ ਕੀਤੀ, ਆਪਣੇ ਪਿਤਾ ਜੀ ਦੇ ਵਿਛੋੜੇ ਦਾ ਜਿਕਰ ਕਰਦੇ ਹੋਏ, ਤੇ ਪਰਿਵਾਰ ਨੂੰ ਜੋੜ ਕੇ ਰੱਖਣਾ ਫਿਰ ਆਪਣੇ ਬੱਚਿਆਂ ਪ੍ਰਤੀ ਪਿਆਰ ਇਹਨਾਂ ਸਭ ਮੁਸ਼ਕਲਾਂ ਨੂੰ ਪਾਰ ਕਰਨ ਬਾਰੇ ਵਿਸ਼ਵਵਿਆਪੀ ਸੱਚਾਈਆਂ ਨੂੰ ਬਿਆਨ ਕਰਦੇ ਹੋਏ ਇਹ ਸੰਗ੍ਰਹਿ, ਦਰਦ, ਵਿਛੋੜੇ ਤੇ ਜ਼ਿੰਦਗੀ ਦੇ ਗੁੱਝੇ ਭੇਦਾਂ ਨੂੰ ਬਿਆਨ ਕਰਦੇ ਹੋਏ ਬਹੁਤ ਹੀ ਸਹਿਜੇ ਹਰਫ਼ਾ ਨਾਲ ਬੁਣਿਆ ਹੈ। ਉਸਦੀ ਪ੍ਰਮਾਣਿਕਤਾ ਹਰ ਪੰਨੇ 'ਤੇ ਚਮਕਦੀ ਹੈ, ਪਾਠਕਾਂ ਨੂੰ ਇੱਕ ਗਿਆਨ ਅਤੇ ਸਹੀ ਰਸਤਾ 'ਤੇ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ ਕਿਵੇਂ ਅੱਗੇ ਵੱਧਣਾ ਹੈ ਵਾਰੇ ਸਹਿਜ ਮਾਰਗ ਦਰਸ਼ਨ ਸਾਬਿਤ ਹੋ ਸਕਦੀ ਹੈ ਇਹ ਕਿਤਾਬ।

"ਚੁਣੌਤੀ ਅਤੇ ਅਵਸਰ" ਕਿਤਾਬ ਦੀ ਇੱਕ ਖੂਬੀ ਇਸਦੀ ਠੋਸ, ਕਾਰਵਾਈਯੋਗ ਸਲਾਹ ਦੇਣ ਦੀ ਯੋਗਤਾ ਵਿੱਚ ਹੈ। ਸੁਰਜੀਤ ਸਿਰਫ਼ ਚੁਣੌਤੀਆਂ 'ਤੇ ਹੀ ਧਿਆਨ ਨਹੀਂ ਰੱਖਦਾ , ਸਗੋਂ, ਉਸਨੇ ਵਿਕਾਸ ਅਤੇ ਪਰਿਵਰਤਨ ਲਈ ਠੋਸ ਰਣਨੀਤੀਆਂ ਪੇਸ਼ ਕਰਦੇ ਹੋਏ, ਇੱਕ ਵਿਹਾਰਕ ਪਹੁੰਚ ਨਾਲ ਉਹਨਾਂ ਨੂੰ ਨੈਵੀਗੇਟ ਕੀਤਾ। ਪਾਠਕ ਉਸ ਦੇ ਸ਼ਬਦਾਂ ਵਿੱਚ ਤਸੱਲੀ ਪ੍ਰਾਪਤ ਕਰਨਗੇ, ਆਪਣੀਆਂ ਮੁਸ਼ਕਲਾਂ ਦਾ ਸਾਹਮਣਾ ਕਰਨ ਲਈ ਵਿਹਾਰਕ ਸਾਧਨਾਂ ਦੀ ਖੋਜ ਕਰਨਗੇ।

ਇਸ ਤੋਂ ਇਲਾਵਾ, ਵਿਕਾਸ ਦੇ ਪਲਾਂ ਨੂੰ ਜ਼ਬਤ ਕਰਨ 'ਤੇ ਉਸ ਦਾ ਜ਼ੋਰ ਇਕ ਤਾਜ਼ਗੀ ਭਰਪੂਰ ਦ੍ਰਿਸ਼ਟੀਕੋਣ ਹੈ। ਚੁਣੌਤੀਆਂ ਨੂੰ ਰੁਕਾਵਟਾਂ ਵਜੋਂ ਦੇਖਣ ਦੀ ਬਜਾਏ, ਉਹ ਉਹਨਾਂ ਨੂੰ ਸਵੈ-ਖੋਜ ਅਤੇ ਉੱਨਤੀ ਦੇ ਮੌਕਿਆਂ ਦੇ ਰੂਪ ਵਿੱਚ ਢਾਲ ਕੇ ਉਹਨਾਂ ਨੂੰ ਜਿਉਣ ਦਾ ਸਰਲ ਤਰੀਕਾ ਅਪਣਾਉਂਦਾ ਹੈ। ਮਾਨਸਿਕਤਾ ਵਿੱਚ ਇਹ ਤਬਦੀਲੀ, ਪੂਰੀ ਕਿਤਾਬ ਵਿੱਚ ਸੁੰਦਰਤਾ ਨਾਲ ਬਿਆਨ ਕੀਤੀ ਗਈ ਹੈ, ਪਾਠਕਾਂ ਨੂੰ ਇੱਕ ਨਵੀਂ ਰੋਸ਼ਨੀ ਵਿੱਚ ਉਹਨਾਂ ਦੀਆਂ ਆਪਣੀਆਂ ਰੁਕਾਵਟਾਂ ਦਾ ਮੁੜ ਮੁਲਾਂਕਣ ਕਰਨ ਲਈ ਸ਼ਕਤੀ ਪ੍ਰਦਾਨ ਕਰ ਸਕਦਾ ਹੈ।


ਬਿਰਤਾਂਤ ਵਿੱਚ ਖਿੰਡੇ ਹੋਏ ਅਸਲ-ਜੀਵਨ ਦੀਆਂ ਉਦਾਹਰਣਾਂ ਮਾਰਗਦਰਸ਼ਕ ਰੋਸ਼ਨੀ ਦੇ ਰੂਪ ਵਿੱਚ ਕੰਮ ਕਰਦੀਆਂ ਹਨ, ਪਾਠਕਾਂ ਲਈ ਉਹਨਾਂ ਦੇ ਆਪਣੇ ਅਜ਼ਮਾਇਸ਼ਾਂ ਦਾ ਸਾਹਮਣਾ ਕਰ ਰਹੇ ਮਾਰਗ ਨੂੰ ਰੋਸ਼ਨ ਕਰਦੀਆਂ ਹਨ। ਉਸਦੀ ਕਹਾਣੀ ਸੁਣਾਉਣ ਦੀ ਮੁਹਾਰਤ ਅਸਾਨੀ ਨਾਲ ਇਹਨਾਂ ਉਦਾਹਰਣਾਂ ਨੂੰ ਜੀਵਨ ਵਿੱਚ ਲਿਆਉਂਦੀ ਹੈ, ਉਹਨਾਂ ਨੂੰ ਸਿਰਫ ਕਹਾਣੀਆਂ ਹੀ ਨਹੀਂ ਬਲਕਿ ਅਨਮੋਲ ਸਬਕ ਬਣਾਉਂਦੀਆਂ ਹਨ ਜੋ ਡੂੰਘਾਈ ਨਾਲ ਗੂੰਜਦੀਆਂ ਹਨ।



ਹਾਲਾਂਕਿ, ਤਕਨੀਕੀ ਦ੍ਰਿਸ਼ਟੀਕੋਣ ਤੋਂ ਕਿਤਾਬ ਨੂੰ ਵੇਖਣਾ, ਇਹ ਮੋਟੇ ਰੂਪ ਵਿੱਚ ਇੱਕ ਹੀਰੇ ਦੇ ਸਮਾਨ ਹੈ.

ਸੁਰਜੀਤ ਸਿੰਘ ਫਲੋਰਾ ਦੀ ਹਾਲੀਆ ਕਿਤਾਬ, "ਚੁਣੌਤੀ ਅਤੇ ਅਵਸਰ" ਪਾਠਕਾਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਾਹਸ ਅਤੇ ਆਸ਼ਾਵਾਦ ਨਾਲ ਮੁਕਾਬਲਾ ਕਰਨ ਲਈ ਪ੍ਰੇਰਿਤ ਕਰੇਗੀ। ਅਸਲ ਜੀਵਨ ਦੀਆਂ ਕਹਾਣੀਆਂ ਅਤੇ ਵਿਹਾਰਕ ਸਲਾਹਾਂ ਰਾਹੀਂ, ਚੁਣੌਤੀ ਅਤੇ ਮੌਕਾ ਰੁਕਾਵਟਾਂ ਨੂੰ ਕਿਵੇਂ ਬਦਲਿਆ ਜਾਵੇ, ਇਸ ਬਾਰੇ ਇੱਕ ਵਿਲੱਖਣ ਦ੍ਰਿਸ਼ਟੀਕੋਣ ਪੇਸ਼ ਕਰਦਾ ਹੈ।

ਇਸ ਕਿਤਾਬ ਵਿਚ ਉਹ ਅਣਜਾਣ ਮਾ- ਬਾਪ ਲਈ ਆਪਣੇ ਬੱਚਿਆਂ ਪ੍ਰਤੀ ਦੇਖ ਭਾਲ, ਤੇ ਅਨਜਾਣ ਮਾਪਿਆਂ ਲਈ ਆਪਣੇ ਬੇਟੇ ਦੀ ਕਹਾਣੀ ਬਿਆਨ ਕਰਦਾ ਹੈ , ਹੋ ਏਡੀਐਚਡੀ ਦਾ ਸ਼ਿਕਾਰ ਸੀ। ਜੋ ਮਾਂ ਬਾਪ ਇਹਨਾਂ ਬਿਮਾਰੀਆਂ ਤੋਂ ਅਨਜਾਣ ਹੈ ਉਹਨਾਂ ਲਈ ਇਹ ਵਾਰਤਾਂ ਉਹਨਾਂ ਦੇ ਲਈ ਅਤੇ ਉਹਨਾਂ ਦੇ ਬੱਚਿਆਂ ਲਈ ਮੀਲ ਪੱਥਰ ਸਾਬਿਤ ਹੋ ਸਕਦੀ ਹੈ। ਉਹਨਾਂ ਦਾ ਭਵਿੱਖ ਅਰੋਗ ਰਹਿਤ ਹੋ ਸਕਦਾ ਹੈ, ਜੇਕਰ ਉਹ ਆਪਣੇ ਬੱਚਿਆਂ ਤੇ ਵਾਰਤਾ ਨੂੰ ਪੜ੍ਹ ਕੇ ਧਿਆਨ ਦੇਣ ਤਾਂ,




ਫਿਰ ਉਹ ਏਆਈ ਅੱਜਕਲ੍ਹ ਜੋ ਸਾਇੰਸ ਨੇ ਟੈਕਨੌਲਜ਼ੀ ਨਾਲ ਰੋਬਟ ਬਣਾ ਦਿੱਤੇ ਹਨ, ਉਹ ਉਹਨਾਂ ਵਾਰੇ ਗੱਲ ਕਰਦੇ ਹੋਏ ਲਿਖਦਾ ਹੈ ਕਿਵੇਂ ਉਹ ਲੋਕਾ ਨੂੰ ਬੇਰੋਜ਼ਗਾਰ ਅਤੇ ਨਾਸਤਿੱਕ ਬਣਾ ਰਿਹਾ ਹੈ। ਕਿਉਂਕਿ ਹਰ ਚੀਜ਼ ਦਾ ਐਪ ਘਰ ਬੈਠੇ ਸਭ ਕੁਝ ਘਰ ਦੀ ਦਹਲੀਜ਼ ਤੇ ਪਹੁੰਚ ਰਿਹਾ ਹੈ, ਜੋ ਲੋਕਾ ਲਈ ਬਿਮਾਰੀਆਂ ਦਾ ਕਾਰਨ ਬਣ ਰਹੇ ਹਨ।

ਰਲਮਿਲਾ ਕਿ ਇਸ ਕਿਤਾਬ ਦਾ ਨਿਚੋੜ ਕੱਢੀਏ ਤਾਂ ਇਹ ਕਿਤਾਬ ਮੁਸੀਬਤਾਂ ਦੇ ਸਾਮ੍ਹਣੇ ਲਚਕੀਲੇ ਰਹਿਣ ਦੀ ਸ਼ਕਤੀ ਅਤੇ ਭਰੋਸੇ ਨਾਲ ਉਨ੍ਹਾਂ ਨਾਲ ਨਜਿੱਠਣ ਦੀ ਸ਼ਕਤੀ ਜੋ ਜ਼ਿੰਦਗੀ ਉਨ੍ਹਾਂ 'ਤੇ ਸੁੱਟਦੀ ਹੈ। ਜੋਖਮ ਉਠਾਉਣ ਅਤੇ ਉਨ੍ਹਾਂ ਦੇ ਜੀਵਨ ਵਿੱਚ ਸਕਾਰ-ਾਤਮਕ ਤਬਦੀਲੀ ਲਿਆਉਣ ਦੀ ਹਿੰਮਤ। ਉਹਨਾਂ ਦੀਆਂ ਲੁਕੀਆਂ ਹੋਈਆਂ ਸੰਭਾਵਨਾਵਾਂ ਨੂੰ ਅਨਲੌਕ ਕਰਨ ਅਤੇ ਉਦੇਸ਼ ਅਤੇ ਪੂਰਤੀ ਦਾ ਜੀਵਨ ਬਣਾਉਣ ਲਈ ਸਾਧਨ। ਪੂਰੀ ਜ਼ਿੰਦਗੀ ਜੀਉਣ ਅਤੇ ਹਰ ਪਲ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੇ ਰਾਜ਼ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

## CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਲਾਲ ਲਹੂ ਵਿੱਚ ਭਿੱਜੀ ਸ੍ਰੀ ਮੁਕਤਸਰ ਸਾਹਿਬ ਦੀ ਨਿਵੇਕਲੀ ਦਾਸਤਾਨ

-ਦਿਲਜੀਤ ਸਿੰਘ ਬੇਦੀ-

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਇਸ ਧਰਤੀ ਉੱਪਰੋਂ ਜ਼ੁਲਮ ਦਾ ਖਾਤਮਾ ਕਰਕੇ ਧਰਮ ਦੀ ਸਥਾਪਨਾ ਕਰਨ ਹਿੱਤ ਹੋਈਆਂ ਜੰਗਾਂ ਵਿੱਚੋਂ ਸ੍ਰੀ ਮੁਕਤਸਰ ਸਾਹਿਬ ਦਾ ਧਰਮ ਯੁੱਧ ਆਪਣੇ ਅੰਦਰ ਇਕ ਨਿਵੇਕਲੀ ਦਾਸਤਾਨ ਨੂੰ ਸਮੋਈ ਬੈਠਾ ਹੈ। ਸ੍ਰੀ ਮੁਕਤਸਰ ਸਾਹਿਬ ਨੂੰ ਪਹਿਲਾਂ ਖਿਦਰਾਣੇ ਦੀ ਢਾਬ ਦੇ ਨਾਮ ਨਾਲ ਜਾਣਿਆ ਜਾਂਦਾ ਸੀ, ਕਿਉਂਕਿ ਚਾਰੇ ਪਾਸਿਉਂ ਮੀਂਹ ਦਾ ਪਾਣੀ ਇੱਥੇ ਇਕੱਠਾ ਹੋ ਜਾਂਦਾ ਸੀ। ਰੇਤਲੇ ਇਲਾਕੇ ਵਿਚ ਪਾਣੀ ਦੀ ਬੇਹੱਦ ਘਾਟ ਹੋਣ ਕਾਰਨ ਇਹ ਢਾਬ ਆਸ-ਪਾਸ ਦੇ ਇਲਾਕੇ ਦੇ ਲੋਕਾਂ ਲਈ ਪਾਣੀ ਦੀ ਲੋੜ ਪੂਰਤੀ ਦਾ ਇਕ ਵੱਡਾ ਸਰੋਤ ਸੀ। ਰੇਤਲੇ ਟਿੱਬਿਆਂ ਵਾਲੀ ਇਸ ਧਰਤੀ ਨੂੰ ਭਾਗ ਕਿਵੇਂ ਲੱਗੇ ਇਹ ਇਤਿਹਾਸ ਦੀ ਬੇਮਿਸਾਲ ਦਾਸਤਾਨ ਹੈ।



ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਦੀ ਖ਼ਾਤਰ ਲੜੀਆਂ ਜੰਗਾਂ ਵਿਚ ਬਹਾਦਰੀ ਨਾਲ ਦੁਸ਼ਮਣਾਂ ਦਾ ਟਾਕਰਾ ਕੀਤਾ ਅਤੇ ਸਦਾ ਚੜ੍ਹਦੀ ਕਲਾ ਤੇ ਭਾਣੇ ਵਿਚ ਰਹੇ। ਪਹਾੜੀ ਰਾਜਿਆਂ ਨੇ ਗੁਰੂ ਜੀ ਦਾ ਮੁਕਾਬਲਾ ਕਰਨ ਲਈ ਔਰੰਗਜ਼ੇਬ ਅੱਗੇ ਫਰਿਆਦ ਕੀਤੀ ਉਸ ਨੇ ਪਹਾੜੀ ਰਾਜਿਆਂ ਦੀ ਮਦਦ ਲਈ ਲਾਹੌਰ ਅਤੇ ਸਰਹਿੰਦ ਦੇ ਸੂਬੇਦਾਰਾਂ ਨੂੰ ਫੁਰਮਾਨ ਜਾਰੀ ਕਰ ਦਿੱਤੇ, ਇਸ ਤਰ੍ਹਾਂ ਲਾਹੌਰ ਸਰਹਿੰਦ ਅਤੇ ਪਹਾੜੀ ਰਾਜਿਆਂ ਦੇ ਟਿੱਡੀ ਦਲਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਘੇਰਾ ਪਾ ਲਿਆ। ਗੁਰੂ ਜੀ ਦੇ ਸੂਰਬੀਰ ਯੋਧਿਆਂ ਨੇ ਕਈ ਮਹੀਨੇ ਡਟ ਕੇ ਬੜੀ ਬਹਾਦਰੀ ਨਾਲ ਮੁਕਾਬਲਾ ਕੀਤਾ। ਖ਼ਾਲਸਾ ਫ਼ੌਜ ਦੇ ਛਾਪਾਮਾਰ ਹਮਲਿਆਂ ਨਾਲ ਦੁਸ਼ਮਣ ਦੇ ਹੌਂਸਲੇ ਪਸਤ ਹੋ ਗਏ ਪਰ ਲੰਬੇ ਸਮੇਂ ਤਕ ਨਿੱਤ ਦੀ ਲੜਾਈ ਕਾਰਨ ਖ਼ਾਲਸਾ ਫ਼ੌਜ ਦੀ ਗਿਣਤੀ ਘਟਦੀ ਜਾ ਰਹੀ ਸੀ। ਭਾਵੇਂ ਰਾਸ਼ਨ-ਪਾਣੀ ਵੀ ਮੁੱਕਦਾ ਜਾ ਰਿਹਾ ਸੀ, ਪਰ ਫਿਰ ਵੀ ਸਿੰਘ ਡਟਵਾਂ ਮੁਕਾਬਲਾ ਕਰ ਰਹੇ ਸਨ। ਕੁਝ ਸਿੰਘਾਂ ਨੇ ਗੁਰੂ ਜੀ ਨੂੰ ਕਿਲ੍ਹਾ ਛੱਡ ਦੇਣ ਦੀ ਸਲਾਹ ਵੀ ਦਿੱਤੀ, ਪਰੰਤੂ ਗੁਰੂ ਜੀ ਨੇ ਦੂਰ-ਅੰਦੇਸ਼ੀ ਨਾਲ ਕੁਝ ਸਮਾਂ ਹੋਰ ਉਡੀਕ ਕਰਨ ਲਈ ਕਿਹਾ ਇਸ ਦੇ ਬਾਵਜੂਦ ਕੁਝ ਸਿੰਘ ਡੋਲ ਗਏ, ਉਨ੍ਹਾਂ ਗੁਰੂ ਜੀ ਦਾ ਸਾਥ ਛੱਡ ਦਿੱਤਾ ਅਤੇ ਬੇਦਾਵਾ ਦੇ ਕੇ ਆਪਣੇ ਘਰਾਂ ਨੂੰ ਚਲੇ ਗਏ।

ਥੋੜ੍ਹੇ ਦਿਨਾਂ ਪਿੱਛੋਂ ਦੁਸ਼ਮਣ ਵੱਲੋਂ ਖਾਧੀਆਂ ਕਸਮਾਂ ਅਤੇ ਸਿੰਘਾਂ ਦੇ ਜ਼ੋਰ ਦੇਣ ’ਤੇ ਕਿਲ੍ਹਾ ਖਾਲੀ ਕਰਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦ-ਪੁਰ ਸਾਹਿਬ ਛੱਡ ਦਿੱਤਾ। ਕਿਲ੍ਹਾ ਖਾਲੀ ਕਰਨ ਦੀ ਦੇਰ ਸੀ ਕਿ ਦੁਸ਼ਮਣ ਫ਼ੌਜਾਂ ਨੇ ਸਭ ਕਸਮਾਂ ਇਕਰਾਰ ਭੁੱਲ ਕੇ ਪਿੱਛੋਂ ਹਮਲਾ ਕਰ ਦਿੱਤਾ ਸਿਰਸਾ ਨਦੀ ਪਾਰ ਕਰਦਿਆਂ ਗੁਰੂ ਜੀ ਦਾ ਸਾਰਾ ਪਰਿਵਾਰ ਵਿਛੜ ਗਿਆ, ਕੀਮਤੀ ਸਾਹਿਤ ਅਤੇ ਭਾਰੀ ਮਾਤਰਾ ਵਿਚ ਹੋਰ ਮਾਲ-ਅਸਬਾਬ ਕਈ ਸਿੰਘਾਂ ਸਮੇਤ ਸਿਰਸਾ ਵਿਚ ਆਏ ਹੜ ਦੀ ਭੇਂਟ ਚੜ੍ਹ ਗਿਆ।

ਉਧਰ ਬੇਦਾਵੀਆਂ ਸਿੱਖਾਂ ਦੇ ਘਰ ਪਹੁੰਚਣ ’ਤੇ ਉਨ੍ਹਾਂ ਦੀਆਂ ਮਾਤਾਵਾਂ, ਭੈਣਾਂ ਤੇ ਸੁਪਤਨੀਆਂ ਨੇ ਉਨ੍ਹਾਂ ਨੂੰ ਅਜਿਹੇ ਸਮੇਂ ਗੁਰੂ ਸਾਹਿਬ ਨੂੰ ਪਿੱਠ ਦੇ ਕੇ ਆਉਣ ’ਤੇ ਧਿਰਕਾਰਿਆ। ਸਿੰਘਣੀਆਂ ਦਾ ਰੋਹ ਜਾਗਿਆ ਦੇਖ ਕੇ ਬੇਦਾਵੀਏ ਸਿੰਘ ਮਾਤਾ ਭਾਗ ਕੌਰ ਦੀ ਅਗਵਾਈ ਵਿਚ ਸ਼ਹੀਦ ਹੋਣ ਲਈ ਚੱਲ ਪਏ। ਰਸਤੇ ਵਿਚ ਇਨ੍ਹਾਂ ਸਿੰਘਾਂ ਨੂੰ ਗੁਰੂ ਜੀ ਦੇ ਸ੍ਰੀ ਅਨੰਦਪੁਰ ਸਾਹਿਬ ਛੱਡਣ, ਚਮਕੌਰ ਸਾਹਿਬ ਦੀ ਜੰਗ, ਛੋਟੇ ਤੇ ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਆਦਿ ਦੇ ਸਮਾਚਾਰ ਜਦੋਂ ਮਾਲੂਮ ਹੋਏ, ਸਿੰਘਾਂ ਦਾ ਖੂਨ ਹੋਰ ਵੀ ਖੌਲ ਪਿਆ ਅਤੇ ਉਹ ਪੁੱਛਦੇ-ਪੁਛਾਉਂਦੇ ਜਿੱਧਰ ਨੂੰ ਗੁਰੂ ਜੀ ਗਏ ਸਨ, ਮਗਰੇ-ਮਗਰ ਤੁਰ ਪਏ, ਓਧਰ ਗੁਰੂ ਜੀ ਚਮਕੌਰ ਸਾਹਿਬ, ਮਾਛੀਵਾੜਾ, ਕਟਾਣੀ, ਕਨੇਚ, ਆਲਮਗੀਰ, ਮੋਹੀ, ਹੇਰ, ਕਮਾਲਪੁਰ, ਲੰਮੇ, ਸੀਲੋਆਣੀ, ਰਾਏਕੋਟ, ਦੀਨਾ, ਕੋਟਕਪੂਰਾ ਆਦਿ ਹੁੰਦੇ ਹੋਏ ਜਦ ਜੈਤੋ ਪੁੱਜੇ ਤਾਂ ਪਤਾ ਲੱਗਾ ਕਿ ਸੂਬਾ ਸਰਹਿੰਦ ਭਾਰੀ ਲਾਓ-ਲਸ਼ਕਰ ਨਾਲ ਆਪ ਦਾ ਪਿੱਛਾ ਕਰਦਾ ਹੋਇਆ ਆ ਰਿਹਾ ਹੈ।

ਗੁਰੂ ਜੀ ਨੇ ਯੁੱਧ ਨੀਤੀ ਅਨੁਸਾਰ ਖਿਦਰਾਣੇ ਦੀ ਢਾਬ ਨਜ਼ਦੀਕ ਉਸ ਨਾਲ ਟਾਕਰਾ ਕਰਨਾ ਵਧੇਰੇ ਯੋਗ ਸਮਝਿਆ। ਮਾਝੇ ਦੇ ਸਿੰਘਾਂ ਦਾ ਜਥਾ ਜਦੋਂ ਕਲਗੀਧਰ ਪਾਤਸ਼ਾਹ ਜੀ ਦੀ ਭਾਲ ਕਰਦਾ ਹੋਇਆ ਖਿਦਰਾਣੇ ਦੀ ਢਾਬ ਪਾਸ ਪੁੱਜਾ ਤਾਂ ਇਨ੍ਹਾਂ ਨੂੰ ਵੀ ਵਜ਼ੀਦ ਖਾਨ ਦੀ ਸੈਨਾ ਦੇ ਪੁੱਜਣ ਦੀ ਖ਼ਬਰ ਮਿਲੀ ਜਿਸ ’ਤੇ ਸਿੰਘਾਂ ਨੇ ਆਪੋ-ਆਪਣੇ ਮੋਰਚੇ ਸੰਭਾਲ ਲਏ। ਸਿੰਘਾਂ ਦੀ ਯੁੱਧ ਨੀਤੀ ਪੂਰੀ ਤਰ੍ਹਾਂ ਸਫਲ ਰਹੀ ਕਿਉਂਕਿ ਉਨ੍ਹਾਂ ਮੁਗ਼ਲ ਫ਼ੌਜਾਂ ਦਾ ਧਿਆਨ ਆਪਣੇ ਵੱਲ ਖਿੱਚ ਲਿਆ। ਉੱਧਰ ਮਾਤਾ ਭਾਗ ਕੌਰ ਅਤੇ ਭਾਈ ਮਹਾਂ ਸਿੰਘ ਦੀ ਅਗਵਾਈ ਹੇਠ ਸਿੰਘਾਂ ਨੇ ਇਕ ਦਮ ਦੁਸ਼ਮਣ ਫ਼ੌਜ ’ਤੇ ਹੱਲਾ ਬੋਲ ਦਿੱਤਾ। ਸੈਂਕੜੇ ਮੁਗ਼ਲ ਸੈਨਿਕ ਮਾਰੇ ਗਏ।

ਦਸਮ ਪਿਤਾ ਇਕ ਉੱਚੀ-ਟਿੱਬੀ ’ਤੇ ਖੜ੍ਹੇ ਸਿੱਖਾਂ ਦੀ ਬੀਰਤਾ ਨੂੰ ਤੱਕ ਰਹੇ ਸਨ ਤੇ ਆਪਣੀ ਕਮਾਨ ਵਿੱਚੋਂ ਅਣੀਆਲੇ ਤੀਰ ਮੁਗ਼ਲ ਸੈਨਾਪਤੀਆਂ ਨੂੰ ਭੇਟ ਕਰੀ ਜਾ ਰਹੇ ਸਨ। ਬਹਾਦਰ ਸਿੰਘ ਤਲਵਾਰਾਂ ਲੈ ਕੇ ਮੁਗਲਾਂ ਉੱਤੇ ਟੁੱਟ ਪਏ। ਮੁਗ਼ਲਾਂ ਦੇ ਮੈਦਾਨੋਂ ਭੱਜ ਜਾਣ ’ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਰਣਭੂਮੀ ਵਿਚ ਆ ਕੇ ਵੇਖਿਆ ਕਿ ਢਾਬ ਕੰਢੇ ਜ਼ਖਮੀ ਹਾਲ ਵਿਚ ਬੈਠੀ ਮਾਤਾ ਭਾਗੋ ਜੀ ਆਪਣੇ ਜ਼ਖਮਾਂ ਨੂੰ ਧੋ ਰਹੀ ਸੀ। ਮਾਤਾ ਭਾਗੋ ਜੀ ਨੇ ਪਾਤਸ਼ਾਹ ਨੂੰ ਸੂਰਬੀਰ ਸਿੰਘਾਂ ਦੀ ਬਹਾਦਰੀ ਅਤੇ ਸ਼ਹਾਦਤਾਂ ਦੀ ਗਾਥਾ ਸੁਣਾਈ। ਪਾਤਸ਼ਾਹ ਨੇ ਜੰਗ ’ਚ ਜੂਝੇ ਸੂਰਮਿਆਂ ਨੂੰ ਅਤਿਅੰਤ ਸਨੇਹ ਨਾਲ ਪੰਜ ਹਜ਼ਾਰੀ, ਸਤ ਹਜ਼ਾਰੀ, ਦਸ ਹਜ਼ਾਰੀ ਆਦਿ ਦਾ ਵਰ ਦਿੰਦੇ ਹੋਏ ਹਰੇਕ ਨੂੰ ਆਪਣੇ ਕਰ-ਕਮਲਾਂ ਨਾਲ ਪਲੋਸਿਆ। ਏਨੇ ਨੂੰ ਭਾਈ ਮਹਾਂ ਸਿੰਘ ਸਹਿਕਦਾ ਹੋਇਆ ਗੁਰੂ ਜੀ ਦੀ ਨਜ਼ਰੀਂ ਪਿਆ। ਪਾਤਸ਼ਾਹ ਨੇ ਉਸ ਦੇ ਸੀਸ ਨੂੰ ਜਦੋਂ ਗੋਦ ਵਿਚ ਲਿਆ ਅਤੇ ਉਸ ਦਾ ਮੂੰਹ ਪੂੰਝਿਆ ਤਾਂ ਉਸ ਦੀਆਂ ਅੱਖਾਂ ਖੁੱਲ੍ਹ ਗਈਆਂ। ਜਿਸ ਗੁਰੂ ਜੀ ਦਾ ਧਿਆਨ ਉਸ ਦੇ ਹਿਰਦੇ ਵਿਚ ਸੀ, ਉਨ੍ਹਾਂ ਦੀ ਗੋਦ ਵਿਚ ਹੀ ਉਹ ਉਨ੍ਹਾਂ ਦਾ ਦੀਦਾਰ ਕਰ ਰਿਹਾ ਸੀ।

ਗੁਰੂ ਕਲਗੀਧਰ ਜੀ ਨੇ ਗੋਦੀ ’ਚ ਲਏ ਭਾਈ ਮਹਾਂ ਸਿੰਘ ਦਾ ਅੰਤਮ ਸਮਾਂ ਨੇੜੇ ਆਉਂਦਾ ਵੇਖ ਉਸ ਦੇ ਜੀਵਨ ਦੀ ਕਿਸੇ ਇੱਛਾ ਬਾਰੇ ਜਦੋਂ ਪੁੱਛਿਆ, ਤਾਂ ਭਰੀਆਂ ਅੱਖਾਂ ਨਾਲ ਮਹਾਂ ਸਿੰਘ ਨੇ ਕਿਹਾ “ਉਤਮ ਭਾਗ ਹਨ, ਅੰਤ ਸਮੇਂ ਆਪ ਦੇ ਦਰਸ਼ਨ ਹੋ ਗਏ, ਸਭ ਇੱਛਾ ਪੂਰੀਆਂ ਹੋ ਗਈਆਂ ਹਨ। ਜੇ ਆਪ ਤੁੱਠੇ ਹੋ ਤਾਂ ਕਿਰਪਾ ਕਰੋ ਕਿ ਜਿਹੜੀ ਲਿਖਤ ਅਸੀਂ ਆਪ ਜੀ ਨੂੰ ਬੇਦਾਵੇ ਦੀ ਲਿਖ ਕੇ ਦੇ ਆਏ ਸਾਂ ਉਸ ਨੂੰ ਪਾੜ ਕੇ ਟੁੱਟੀ ਮੇਲ ਲਉ।” ਟੁੱਟੀ ਗੰਢਣਹਾਰ ਅਤੇ ਭੁੱਲਾਂ ਬਖਸ਼ਣਹਾਰ ਸਤਿਗੁਰੂ ਜੀ ਤੁੱਠ ਪਏ ਕਮਰਕੱਸੇ ਵਿੱਚੋਂ ਬੇਦਾਵੇ ਦਾ ਕਾਗਜ਼ ਕੱਢ ਕੇ ਪਾੜ ਦਿੱਤਾ। ਭਾਈ ਮਹਾਂ ਸਿੰਘ ਨੇ ਗੁਰੂ ਸਾਹਿਬ ਨੂੰ ਬੇਦਾਵਾ ਪਾੜਦਿਆਂ ਦੇਖ ਅਤੇ ‘ਧੰਨ ਸਿੱਖੀ’ ਦੇ ਬੋਲ ਸੁਣ ਸਵਾਸ ਤਿਆਗ ਦਿੱਤੇ।

ਸ਼ਹੀਦ ਹੋਏ ਸਿੰਘਾਂ ਦਾ ਸਸਕਾਰ ਕਰਵਾ ਗੁਰੂ ਸਾਹਿਬ ਨੇ ‘ਖ਼ਾਲਸਾ ਮੇਰੋ ਰੂਪ ਹੈ ਖਾਸ’ ਦੇ ਸਿਧਾਂਤ ਨੂੰ ਅਮਲੀ ਰੂਪ ਦਿੰਦਿਆਂ ਢਾਬ ਨੂੰ ‘ਮੁਕਤੀ ਦਾ ਸਰ’ ਹੋਣ ਦਾ ਵਰਦਾਨ ਦਿੱਤਾ। ਅੱਜ ਇਹ ਸਥਾਨ ਸੰਸਾਰ ’ਚ ‘ਸ੍ਰੀ ਮੁਕਤਸਰ ਸਾਹਿਬ’ ਦੇ ਨਾਮ ਨਾਲ ਪ੍ਰਸਿੱਧ ਹੈ। ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸ ਅੱਜ ਵੀ ਸਾਨੂੰ ਚਾਲੀ ਮੁਕਤਿਆਂ ਦੀ ਪੰਥਕ ਏਕਤਾ ਅਤੇ ਦੇਸ਼ ਕੌਮ ਪ੍ਰਤੀ ਆਪਾ ਵਾਰਨ ਦੀ ਭਾਵਨਾ ਨੂੰ ਦ੍ਰਿੜ੍ਹ ਕਰਵਾਉਂਦਾ ਹੈ ਅਤੇ ਸਾਨੂੰ ਵੀ ਦੇਸ਼, ਧਰਮ ਦੀ ਰੱਖਿਆ ਖ਼ਾਤਰ ਆਪਣਾ ਤਨ, ਮਨ, ਧਨ ਕੁਰਬਾਨ ਕਰਨ ਦੀ ਪ੍ਰੇਰਨਾ ਦਿੰਦਾ ਹੈ। ਆਓ ਮਾਘੀ ਦੇ ਸਾਲਾਨਾ ਜੋੜ-ਮੇਲ ਦੇ ਮੌਕੇ ਸ਼ਬਦ-ਗੁਰੂ ਦੇ ਲੜ ਲੱਗਦਿਆਂ ਖੰਡੇ-ਬਾਟੇ ਦੀ ਪਾਹੁਲ ਛਕ ਦਸਮੇਸ਼ ਪਿਤਾ ਦੇ ਸੱਚੇ ਸਪੂਤ ਬਣ ਆਪਣਾ ਜੀਵਨ ਸਫਲਾ ਕਰੀਏ। ਕਿਸੇ ਕਾਰਨ ਵਸ ਗੁਰਮਤਿ ਤੋਂ ਮੁਨਕਰ ਹੋ ਚੁੱਕਿਆਂ ਨੂੰ ਮੇਰੀ ਬੇਨਤੀ ਹੈ ਕਿ ਉਹ ਅੱਜ ਦੇ ਇਸ ਪਾਵਨ ਦਿਹਾੜੇ ਸਮੇਂ ਗੁਰੂ ਪਾਸੋਂ ਆਪਣੇ ਪਤਿਤਪੁਣੇ ਦਾ ਬੇਦਾਵਾ ਪੜਵਾ ਕੇ ਸਿੱਖੀ ਦੀ ਧਾਰਾ ਵਿਚ ਸ਼ਾਮਲ ਹੋਣ ਤੇ ਆਪਣੇ ਅਨਮੋਲ ਵਿਰਸੇ ਦੇ ਅਸਲ ਵਾਰਸ ਬਣਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਲਈ ਮਾਕਾ ਟਰਾਫੀ ਦੀ ਸਿਲਵਰ ਜੁਬਲੀ

# ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ 25ਵੀਂ ਵਾਰ ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ ਜਿੱਤੀ : ਖੇਡ ਉੱਤਮਤਾ ਦਾ ਕਮਾਲ

ਸੁਖਪ੍ਰੀਤ ਸਿੰਘ ਡਾ ਪ੍ਰੋਫੈਸਰ,
ਇੰਚਾਰਜ (ਜਨ ਸੰਪਰਕ) ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ

ਜਸ਼ਨ ਪੂਰੇ ਜੋਸ਼ ਵਿੱਚ ਹਨ ਕਿਉਂਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਸ਼ਾਨਦਾਰ 25ਵੀਂ ਵਾਰ ਵੱਕਾਰੀ ਮੌਲਾਨਾ ਅਬੁਲ ਕਲਾਮ ਆਜ਼ਾਦ (ਮਾਕਾ) ਟਰਾਫੀ ਜਿੱਤ ਕੇ ਖੇਡਾਂ ਦੇ ਖੇਤਰ ਵਿੱਚ ਇੱਕ ਬੇਮਿਸਾਲ ਮੀਲ ਪੱਥਰ ਹਾਸਲ ਕੀਤਾ ਹੈ। ਇਹ ਵਿਲੱਖਣ ਪ੍ਰਸ਼ੰਸਾ ਯੂਨੀਵਰਸਿਟੀ ਦੀ ਖੇਡਾਂ ਦੀ ਪ੍ਰਤਿਭਾ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਮਾਣ ਹੈ, ਜਿਸ ਨਾਲ ਇਹ ਇਸ ਸ਼ਾਨਦਾਰ ਪ੍ਰਾਪਤੀ ਨੂੰ ਹਾਸਲ ਕਰਨ ਵਾਲੀ ਦੇਸ਼ ਦੀ ਇਕਲੌਤੀ ਸੰਸਥਾ ਬਣ ਗਈ ਹੈ।

ਆਲ ਇੰਡੀਆ ਇੰਟਰ-ਯੂਨੀਵਰਸਿਟੀ ਟੂਰਨਾਮੈਂਟ, ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਖੇਡ ਪ੍ਰਦਰਸ਼ਨ ਨੂੰ ਮਾਨਤਾ ਦੇਣ ਲਈ ਦਿੱਤੀ ਗਈ ਮਾਕਾ ਟਰਾਫੀ, ਮਾਣਯੋਗ ਵਾਈਸ-ਚਾਂਸਲਰ, ਪ੍ਰੋਫੈਸਰ ਡਾ. ਜਸਪਾਲ ਸਿੰਘ ਸੰਧੂ ਦੁਆਰਾ ਪ੍ਰਾਪਤ ਕੀਤੀ ਜਾਣੀ ਤੈਅ ਹੈ। ਅਤੇ ਡਾ. ਕੰਵਰ ਮਨਦੀਪ ਸਿੰਘ, ਡਾਇਰੈਕਟਰ ਸਪੋਰਟਸ, ਦੇਸ਼ ਦੇ ਮਾਣਯੋਗ ਰਾਸ਼ਟਰਪਤੀ ਸ਼੍ਰੀਮਤੀ ਡਾ. ਦ੍ਰੋਪਦੀ ਮੁਰਮੂ ਜੀ, 9 ਜਨਵਰੀ, 2024 ਨੂੰ ਰਾਸ਼ਟਰਪਤੀ ਭਵਨ, ਨਵੀਂ ਦਿੱਲੀ ਵਿੱਚ।

ਇਸ ਜਿੱਤ ਦੀ ਯਾਦ ਵਿੱਚ 10 ਜਨਵਰੀ ਨੂੰ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿੱਚ ਮਾਕਾ ਦੀ ਸਿਲਵਰ ਜੁਬਲੀ ਸੰਖਿਆ ਮਨਾਉਣ ਲਈ ਇੱਕ ਸ਼ਾਨਦਾਰ ਸਨਮਾਨ ਸਮਾਰੋਹ ਦੀ ਯੋਜਨਾ ਬਣਾਈ ਗਈ ਹੈ। ਪੰਜਾਬ ਦੇ ਕੈਬਨਿਟ ਮੰਤਰੀ ਸ.ਗੁਰਮੀਤ ਸਿੰਘ ਮੀਤ ਵਾਰਿਸ ਸਮੇਤ ਪਤਵੰਤੇ ਇਸ ਮੌਕੇ ਹਾਜ਼ਰੀ ਭਰਨਗੇ ਅਤੇ ਖਿਡਾਰੀਆਂ, ਯੂਨੀਵਰਸਿਟੀ ਦੇ ਕੋਚਾਂ ਅਤੇ ਅਧਿਕਾਰੀਆਂ ਨੂੰ ਸਨਮਾਨਿਤ ਕਰਨਗੇ ਜਿਨ੍ਹਾਂ ਦੀ ਲਗਨ ਅਤੇ ਅਣਥੱਕ ਮਿਹਨਤ ਨੇ ਇਸ ਮਾਣਮੱਤੀ ਟਰਾਫੀ ਨੂੰ ਹਾਸਲ ਕਰਨ ਵਿੱਚ ਅਹਿਮ ਯੋਗਦਾਨ ਪਾਇਆ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਮੁੱਚੇ ਯੂਨੀਵਰਸਿਟੀ ਭਾਈਚਾਰੇ ਅਤੇ ਪੰਜਾਬ ਵਾਸੀਆਂ ਨੂੰ ਵਧਾਈ ਦਿੱਤੀ ਹੈ। ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਵਾਰਿਸ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਪੰਜਾਬ ਦੀ ਨਿਰੰਤਰ ਤਰੱਕੀ ਦੀ ਆਸ ਪ੍ਰਗਟ ਕਰਦੇ ਹੋਏ ਇਸ ਮਹੱਤਵਪੂਰਨ ਮੀਲ ਪੱਥਰ ਲਈ ਖੁਸ਼ੀ ਅਤੇ ਧੰਨਵਾਦ ਦਾ ਪ੍ਰਗਟਾਵਾ ਕੀਤਾ।

ਇਸ ਮਾਣ ਵਿੱਚ ਵਾਧਾ ਕਰਦੇ ਹੋਏ, ਯੂਨੀਵਰਸਿਟੀ ਦੀ ਖਿਡਾਰਨ ਐਸ਼ਵਰਿਆ ਪ੍ਰਤਾਪ ਸਿੰਘ ਤੋਮਰ ਨੂੰ ਅਰੁਜਨ ਪੁਰਸਕਾਰ ਮਿਲਣਾ ਤੈਅ ਹੈ, ਜੋ ਇਸ ਵੱਕਾਰੀ ਪੁਰਸਕਾਰ ਨਾਲ ਸਨਮਾਨਿਤ ਹੋਣ ਵਾਲੀ ਯੂਨੀਵਰਸਿਟੀ ਦੀ 36ਵੀਂ ਖਿਡਾਰਨ ਬਣ ਗਈ ਹੈ। ਸੂਟਿੰਗ ਵਿੱਚ ਤੋਮਰ ਦੀਆਂ ਕਮਾਲ ਦੀਆਂ ਪ੍ਰਾਪਤੀਆਂ, ਜਿਸ ਵਿੱਚ ਏਸ਼ੀਅਨ ਅਤੇ ਵਿਸ਼ਵ ਯੂਨੀਵਰਸਿਟੀ ਖੇਡਾਂ ਵਿੱਚ ਸੋਨ ਤਮਗਾ ਹਾਸਲ ਕਰਨਾ ਸ਼ਾਮਲ ਹੈ, ਸੰਸਥਾ ਦੀ ਬੇਮਿਸਾਲ ਪ੍ਰਤਿਭਾ ਨੂੰ ਪਾਲਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਖੇਡਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵਿਰਾਸਤ 1971 ਤੋਂ ਖੇਡਾਂ ਵਿੱਚ ਇਸਦੀ ਭਾਗੀਦਾਰੀ ਦੀ ਹੈ। ਯੂਨੀਵਰਸਿਟੀ ਨੇ 1976-77 ਵਿੱਚ ਆਪਣੀ ਪਹਿਲੀ ਮਾਕਾ ਟਰਾਫੀ ਜਿੱਤੀ, 1979 ਤੋਂ 1987 ਅਤੇ ਬਾਅਦ ਵਿੱਚ 1991-94, 1997-2 ਵਿੱਚ ਜਿੱਤਾਂ ਦੀ ਇੱਕ ਲੜੀ ਤੈਅ ਕੀਤੀ। 2003, ਅਤੇ ਹਾਲ ਹੀ ਦੇ ਸਮੇਂ ਵਿੱਚ 2006, 2010, 2011, 2018 ਅਤੇ 2022 ਵਿੱਚ।

ਵਾਈਸ-ਚਾਂਸਲਰ ਪ੍ਰੋਫ਼ੈਸਰ (ਡਾ.) ਜਸਪਾਲ ਸਿੰਘ ਸੰਧੂ ਨੇ ਇਸ ਪ੍ਰਾਪਤੀ ਦਾ ਸਿਹਰਾ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਦਿੰਦੇ ਹੋਏ ਉਨ੍ਹਾਂ ਦੀ ਲਗਨ ਅਤੇ ਮਿਹਨਤ ਦੀ ਸ਼ਲਾਘਾ ਕੀਤੀ। ਡਾ: ਕੰਵਰ ਮਨਦੀਪ ਸਿੰਘ ਨੇ ਕਿਹਾ ਕਿ ਡਾ: ਸੰਧੂ ਦੀ ਅਗਵਾਈ ਹੇਠ, ਯੂਨੀਵਰਸਿਟੀ 90 ਤੋਂ ਵੱਧ ਅੰਤਰ-ਕਾਲਜ ਚੈਂਪੀਅਨਸ਼ਿਪਾਂ ਦਾ ਆਯੋਜਨ ਕਰਦੀ ਹੈ ਅਤੇ ਖੇਡਾਂ ਦੀ ਉੱਤਮਤਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਦੇ ਹੋਏ ਵੱਖ-ਵੱਖ ਆਲ ਇੰਡੀਆ ਇੰਟਰ-ਯੂਨੀਵਰਸਿਟੀ ਚੈਂਪੀਅਨਸ਼ਿਪਾਂ ਲਈ 70 ਤੋਂ ਵੱਧ ਟੀਮਾਂ ਭੇਜਦੀ ਹੈ।

ਯੂਨੀਵਰਸਿਟੀ ਦਾ ਖੇਡ ਵਿ-ਗਆਨ ਅਤੇ ਦਵਾਈ ਵਿਭਾਗ, ਭਾਰਤ ਸਰਕਾਰ ਦੇ ਸਹਿਯੋਗ ਨਾਲ ਸਥਾਪਿਤ ਕੀਤਾ ਗਿਆ ਹੈ, ਅਥਲੀਟਾਂ ਨੂੰ ਸਰੀਰਕ ਅਤੇ ਮਨੋਵਿਗਿਆਨਕ ਸੱਟਾਂ ਤੋਂ ਮੁੜ ਵਸੇਬੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ, ਚਾਹਵਾਨ ਖਿਡਾਰੀਆਂ ਲਈ ਉਮੀਦ ਦੀ ਕਿਰਨ ਵਜੋਂ ਕੰਮ ਕਰਦਾ ਹੈ। ਯੂਨੀਵਰਸਿਟੀ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਦਾ ਵੀ ਮਾਣ ਕਰਦੀ ਹੈ, ਜਿਸ ਵਿੱਚ ਕਈ ਖੇਡਾਂ ਦੇ ਅਖਾੜੇ, ਸਿਖਲਾਈ, ਕੋਚਿੰਗ, ਅਤੇ ਐਥਲੀਟਾਂ ਲਈ ਪ੍ਰਬੰਧ ਸ਼ਾਮਲ ਹਨ, ਜਿਸ ਦੇ ਨਤੀਜੇ ਵਜੋਂ ਏਸ਼ੀਅਨ ਖੇਡਾਂ, ਟੋਕੀਓ ਓਲੰਪਿਕ, ਰਾਸ਼ਟਰਮੰਡਲ ਖੇਡਾਂ ਅਤੇ ਹੋਰ ਬਹੁਤ ਸਾਰੇ ਵੱਕਾਰੀ ਮੁਕਾਬਲਿਆਂ ਵਿੱਚ ਦੇਸ਼ ਲਈ ਬਹੁਤ ਸਾਰੇ ਤਗਮੇ ਹੋਏ ਹਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ 25ਵੀਂ ਵਾਰ ਮਾਕਾ ਟਰਾਫੀ ਦੀ ਵਾਪਸੀ ਦੇ ਨਾਲ, ਇਹ ਯੂਨੀਵਰਸਿਟੀ ਦੇ ਖਿਡਾਰੀਆਂ ਨੂੰ 26ਵੀਂ ਜਿੱਤ ਲਈ ਯਤਨ ਕਰਨ ਲਈ ਪ੍ਰੇਰਨਾ ਦਿੰਦਾ ਹੈ। ਵਾਈਸ-ਚਾਂਸਲਰ ਪ੍ਰੋ. ਸੰਧੂ ਦੀ ਮਿਸਾਲੀ ਅਗਵਾਈ ਨਾ ਸਿਰਫ਼ ਖੇਡਾਂ ਵਿੱਚ ਸਗੋਂ ਅਕਾਦਮਿਕਤਾ ਅਤੇ ਉੱਤਮਤਾ ਦੇ ਸਾਰੇ ਪਹਿਲੂਆਂ ਵਿੱਚ ਮਾਰਗ ਦਰਸ਼ਨ ਕਰਨ ਦੇ ਨਾਲ ਸਮੁੱਚਾ ਯੂਨੀਵਰਸਿਟੀ ਭਾਈਚਾਰਾ ਪੰਜਾਬ ਅਤੇ ਭਾਰਤ ਦੀ ਤਰੱਕੀ ਲਈ ਸਮਰਪਿਤ ਹੈ।





# ਯੂ.ਪੀ.ਐੱਸ.ਸੀ. ਭੂ-ਵਿਗਿਆਨੀ ਪ੍ਰੀਖਿਆਵਾਂ ਦੀ ਤਿਆਰੀ ਕਿਵੇਂ ਕਰੀਏ



-ਵਿਜੈ ਗਰਗ-

ਹਰ ਵਿਦਿਆਰਥੀ ਇੱਕ ਸ਼ਾਨਦਾਰ ਕੈਰੀਅਰ ਬਣਾਉਣ ਲਈ ਸੰਘ/ਰਾਜ ਲੋਕ ਸੇਵਾ ਕਮਿਸ਼ਨਾਂ ਦੁਆਰਾ ਆਯੋਜਿਤ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਪਾਸ ਕਰਨ ਦੀ ਉਮੀਦ ਨਾਲ ਸਖ਼ਤ ਮਿਹਨਤ ਕਰਦਾ ਹੈ। ਯੂਪੀਐਸਸੀ ਕੇਂਦਰੀ ਖਣਨ ਮੰਤਰਾਲੇ ਦੇ ਅਧੀਨ ਭਾਰਤੀ ਭੂ-ਵਿਗਿਆਨ ਸਰਵੇਖਣ , ਅਤੇ ਕੇਂਦਰੀ ਭੂ-ਜਲ ਬੋਰਡ ਦੇ ਅਧੀਨ ਭੂ-ਵਿਗਿਆਨੀ, ਹਾਈਡ੍ਰੋਜੀਓਲੋਜਿਸਟ, ਭੂ-ਭੌਤਿਕ ਵਿਗਿਆਨੀ ਅਤੇ ਰਸਾਇਣ ਵਿਗਿਆਨੀਆਂ ਸਮੇਤ, ਭੂ-ਵਿਗਿਆਨੀ ਨਿਯੁਕਤ ਕਰਨ ਲਈ ਹਰ ਸਾਲ ਸੰਯੁਕਤ ਭੂ-ਵਿਗਿਆਨੀਆਂ ਦੀ ਪ੍ਰੀਖਿਆ ਕਰਵਾਉਂਦਾ ਹੈ। ਕੇਂਦਰੀ ਜਲ ਸ਼ਕਤੀ ਮੰਤਰਾਲਾ ਸੰਯੁਕਤ ਭੂ-ਵਿਗਿਆਨੀ ਪ੍ਰੀਖਿਆ ਇੱਕ ਤਿੰਨ-ਪੱਧਰੀ ਪ੍ਰੀਖਿਆ ਹੈ: () ਪੜਾਅ-1: ਸ਼ੁਰੂਆਤੀ ਪ੍ਰੀਖਿਆ; () ਪੜਾਅ-: ਮੁੱਖ ਪ੍ਰੀਖਿਆ ਅਤੇ () ਪੜਾਅ-: ਸ਼ਖਸੀਅਤ ਟੈਸਟ। ਮੁਢਲੀ ਪ੍ਰੀਖਿਆ ਦੋ ਪੇਪਰਾਂ ਵਾਲੀ ਆਬਜੈਕਟਿਵ ਕਿਸਮ ਦੀ ਹੁੰਦੀ ਹੈ: (ਏ) ਪੇਪਰ-1: 100 ਅੰਕਾਂ ਦਾ ਜਨਰਲ ਸਟੱਡੀਜ਼ ਅਤੇ (ਬੀ) ਪੇਪਰ-2: ਭੂ-ਵਿ-ਗਆਨ/ਹਾਈਡਰੋਜੀਓਲੋਜੀ/ਜੀਓਫਿਜ ਕਿਸ/ਰਸਾਇਣ ਵਿਗਿਆਨ 300 ਅੰਕਾਂ ਦੇ ਦੋ-ਘੰਟੇ ਦੀ ਮਿਆਦ। ਮੁੱਢਲੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਨੂੰ ਅੰਤਿਮ ਮੈਰਿਟ ਸੂਚੀ ਵਿੱਚ ਗਿਣਿ-ਆ ਜਾਂਦਾ ਹੈ। ਮੁੱਢਲੀ ਪ੍ਰੀਖਿਆ ਪਾਸ ਕਰਨ ਵਾਲੇ ਉਮੀਦਵਾਰਾਂ ਨੂੰ ਸੰਯੁਕਤ ਭੂ-ਵਿਗਿਆਨੀ (ਮੁੱਖ) ਪ੍ਰੀਖਿਆ ਦੇਣ ਦੀ ਇਜਾਜ਼ਤ ਹੈ। ਮੁੱਖ ਇਮਤਿਹਾਨ ਵਿੱਚ ਹਰੇਕ ਸਟਰੀਮ ਲਈ ਤਿੰਨ ਪੇਪਰ (ਵਰਣਨਤਮਿਕ ਕਿਸਮ) ਹੁੰਦੇ ਹਨ ਅਤੇ ਇਸ ਪ੍ਰੀਖਿਆ ਵਿੱਚ ਪ੍ਰਾਪਤ ਅੰਕ ਵੀ ਅੰਤਿਮ ਮੈਰਿਟ ਦਾ ਫੈਸਲਾ ਕਰਨ ਲਈ ਗਿਣੇ ਜਾਂਦੇ ਹਨ। ਪਰਸਨੈਲਿਟੀ ਟੈਸਟ 200 ਅੰਕਾਂ ਦਾ ਹੁੰਦਾ ਹੈ। ਅੰਤਿਮ ਮੈਰਿਟ ਸੂਚੀ ਤਿੰਨ ਪੜਾਵਾਂ ਵਿੱਚ ਕੁੱਲ 1200 ਅੰਕਾਂ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ’ਤੇ ਤਿਆਰ ਕੀਤੀ ਜਾਂਦੀ ਹੈ। ਘੱਟੋ-ਘੱਟ ਵਿਦਿਅਕ ਯੋਗਤਾ () ਜੀਐਸਆਈ ਵਿੱਚ ਭੂ-ਵਿਗਿਆਨੀ: ਭੂ-ਵਿਗਿਆਨ ਜਾਂ ਭੂ-ਵਿਗਿਆਨ ਜਾਂ ਲਾਗੂ ਭੂ-ਵਿ-ਗਆਨ ਜਾਂ ਭੂ-ਖੋਜ ਜਾਂ ਖਣਿਜ ਖੋਜ



ਜਾਂ ਇੰਜੀਨੀਅਰਿੰਗ ਭੂ-ਵਿਗਿਆਨ ਜਾਂ ਸਮੁੰਦਰੀ ਭੂ-ਵਿਗਿਆਨ ਜਾਂ ਧਰਤੀ ਵਿਗਿਆਨ ਜਾਂ ਸਮੁੰਦਰੀ ਵਿਗਿਆਨ ਅਤੇ ਤੱਟਵਰਤੀ ਖੇਤਰਾਂ ਦੇ ਅਧਿਐਨ ਜਾਂ ਪੈਟਰੋਲੀਅਮ ਭੂ-ਵਿਗਿਆਨ ਜਾਂ ਭੂ-ਰਸਾਇਣ ਵਿਗਿਆਨ ਵਿੱਚ ਮਾਸਟਰ ਡਿਗਰੀ। ਸੀਜੀਡਬਲਯੂਬੀ ਵਿੱਚ ਹਾਈਡਰੋਜੀਓਲੋਜਿਸਟ: ਭੂ-ਵਿਗਿਆਨ ਜਾਂ ਲਾਗੂ ਭੂ-ਵਿਗਿਆਨ ਜਾਂ ਸਮੁੰਦਰੀ ਭੂ-ਵਿਗਿਆਨ ਜਾਂ ਹਾਈਡਰੋਜੀਓਲੋਜੀ ਵਿੱਚ ਮਾਸਟਰ ਡਿਗਰੀ ਜੀਐਸ ਆਈ/ਸੀਜੀਡਬਲਯੂਬੀ ਵਿੱਚ ਕੈਮਿਸਟ: ਐਮ ਐਸ ਸੀ . ਕੈਮਿਸਟਰੀ ਜਾਂ ਅਪਲਾਈਡ ਕੈਮਿਸਟਰੀ ਜਾਂ ਐਨਾਲਿਟੀਕਲ ਕੈਮਿਸਟਰੀ ਵਿੱਚ ਸੀਐਸਆਈ/ਸੀਜੀਡਬਲਯੂਬੀ ਵਿੱਚ ਭੂ-ਭੌਤਿਕ ਵਿਗਿਆਨੀ: ਭੌਤਿਕ ਵਿ-ਗਆਨ/ ਲਾਗੂ ਭੌਤਿਕ ਵਿਗਿਆਨ/ ਭੂ-ਭੌਤਿਕ ਵਿਗਿਆਨ/ ਖੋਜ ਭੂ-ਭੌਤਿਕ ਵਿਗਿਆਨ/ ਲਾਗੂ ਭੂ-ਭੌਤਿਕ ਵਿਗਿਆਨ/ ਸਮੁੰਦਰੀ ਭੂ-ਭੌਤਿਕ ਵਿਗਿਆਨ)/ ਲਾਗੂ ਭੂ-ਭੌਤਿਕ ਵਿ-ਗਆਨ ਵਿੱਚ ਮਾਸਟਰ ਡਿਗਰੀ। ਤਿਆਰੀ ਲਈ ਰਣਨੀਤੀ ਕਿਸੇ ਵੀ ਮੁਕਾਬਲੇ ਦੀ ਪ੍ਰੀਖਿਆ ਵਿੱਚੋਂ ਲੰਘਣ ਲਈ ਸਮਾਰਟ ਸਟੱਡੀ ਸਮੇਂ ਦੀ ਲੋੜ ਹੈ.. ਪ੍ਰੀਖਿਆ ਵਿੱਚ ਮੁਕਾਬਲਾ ਕਰਨ ਲਈ ਸਮਾਂ ਪ੍ਰਬੰਧਨ ਬਹੁਤ ਮਹੱਤਵਪੂਰਨ ਹੈ। ਅਤੇ, ਇਹ ਪਿਛਲੇ ਸਾਲਾਂ ਦੇ ਸਵਾਲਾਂ ਦੇ ਜਵਾਬ ਲਿਖਣ ਦੇ ਨਿਯਮਤ ਅਭਿਆਸ ਦੁਆਰਾ ਹੀ ਕੀਤਾ ਜਾ ਸਕਦਾ ਹੈ। ਅਭਿਆਸ ਇੱਕ ਆਦਮੀ ਨੂੰ ਸੰਪੂਰਨ ਬਣਾਉਂਦਾ ਹੈ, ਕਹਾਵਤ ਹੈ. ਰਣਨੀਤੀ ਦਾ ਇੱਕ ਹੋਰ ਮਹੱਤਵਪੂਰਨ ਹਿੱਸਾ ਨੋਟਸ ਤਿਆਰ ਕਰਨਾ ਹੈ। ਚਾਹਵਾਨਾਂ ਨੂੰ ਆਪਣੀ ਗ੍ਰੈਜੂਏਸ਼ਨ ਅਤੇ ਪੋਸਟ-ਗ੍ਰੈਜੂਏਸ਼ਨ ਕਲਾਸਾਂ ਵਿੱਚ ਗੰਭੀਰਤਾ ਨਾਲ ਹਾਜ਼ਰ ਹੋਣਾ ਚਾਹੀਦਾ ਹੈ ਅਤੇ ਲੈਕਚਰ ਦੇ ਮਹੱਤਵਪੂਰਨ ਨੁਕਤਿਆਂ ਨੂੰ ਨੋਟ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਚੰਗੀਆਂ ਪਾਠ-ਪੁਸਤਕਾਂ ਅਤੇ ਹਵਾਲਾ ਪੁਸਤਕਾਂ ਦਾ ਹਵਾਲਾ ਵੀ ਦੇਣਾ ਚਾਹੀਦਾ ਹੈ ਅਤੇ ਆਪਣੇ ਹੱਥੀਂ ਲਿਖੇ ਨੋਟ ਬਣਾਉਣੇ ਚਾਹੀਦੇ ਹਨ। ਮੁੱਢਲੀ ਪ੍ਰੀਖਿਆ ਲਈ, ਉਹਨਾਂ ਨੂੰ ਵਿਸ਼ੇ ਦੀਆਂ ਮੂਲ ਗੱਲਾਂ 'ਤੇ ਧਿਆਨ ਦੇਣਾ ਚਾਹੀਦਾ ਹੈ। ਉਹਨਾਂ ਨੂੰ ਔਨਲਾਈਨ/ਔਫਲਾਈਨ ਉਪਲਬਧ ਪ੍ਰਮਾਣਿਕ ਸਰੋਤਾਂ ਤੋਂ ਬਹੁ-ਚੋਣ ਵਾਲੇ ਸਵਾਲਾਂ ਦਾ ਅਭਿਆਸ ਕਰਨਾ ਚਾਹੀਦਾ ਹੈ। ਉਹ ਸ਼ੁਰੂਆਤੀ ਪੜਾਅ ਦੀ ਤਿਆਰੀ ਕਰਦੇ ਹੋਏ ਪਿਛਲੇ ਸਾਲਾਂ ਦੇ ਸੀਐਸਆਈਆਰ - ਨੇਟ ਅਤੇ ਗੇਟ ਪ੍ਰੀਖਿਆ ਪੇਪਰਾਂ ਨੂੰ ਹੱਲ ਕਰ ਸਕਦੇ ਹਨ। ਇਹ ਉਹਨਾਂ ਦੀ ਵਿਸ਼ਲੇਸ਼ਣਾਤਮਕ ਯੋਗਤਾ ਨੂੰ ਸਮਝਣ ਵਿੱਚ ਮਦਦ ਕਰੇਗਾ। ਉਮੀਦਵਾਰਾਂ ਨੂੰ ਆਪਣੇ ਮਜ਼ਬੂਤ ਵਿਸ਼ਿਆਂ ਨੂੰ ਕਮਜ਼ੋਰ ਲੋਕਾਂ ਤੋਂ ਨਿਸ਼ਚਿਤ ਕਰਨਾ ਚਾਹੀਦਾ ਹੈ ਅਤੇ ਉਸ ਅਨੁਸਾਰ ਤਿਆਰੀ ਕਰਨੀ ਚਾਹੀਦੀ ਹੈ। ਮੇਨ ਇਮਤਿਹਾਨ ਲਈ, ਨੋਟਸ ਬੁਲੇਟਸ, ਚੰਗੀ ਤਰ੍ਹਾਂ ਲੇਬਲ ਵਾਲੇ ਚਿੱਤਰਾਂ ਅਤੇ ਫਲੋਚਾਰਟ ਦੀ ਵਰਤੋਂ ਕਰਕੇ ਤਿਆਰ ਕੀਤੇ ਜਾਣੇ ਚਾਹੀਦੇ ਹਨ, ਮਹੱਤਵਪੂਰਨ ਸ਼ਬਦਾਂ ਅਤੇ ਸ਼ਬਦਾਂ ਨੂੰ ਉਜਾਗਰ ਕਰਦੇ ਹੋਏ। ਚਾਹਵਾਨਾਂ ਨੂੰ ਪਿਛਲੇ ਪੰਜ ਸਾਲਾਂ ਦੇ ਪ੍ਰਸ਼ਨ ਪੱਤਰਾਂ ਦਾ ਧਿਆਨ ਨਾਲ ਵਿਸ਼ਲੇਸ਼ਣ ਕਰਨ ਅਤੇ ਅਕਸਰ ਪੁੱਛੇ ਜਾਣ ਵਾਲੇ ਪ੍ਰਸ਼ਨਾਂ ਦੀ ਸੂਚੀ ਤਿਆਰ ਕਰਨ ਦੀ ਜ਼ਰੂਰਤ ਹੁੰਦੀ ਹੈ। ਉਹਨਾਂ ਨੂੰ ਨਿਰਧਾਰਤ ਸਿਲੇਬਸ ਨੂੰ ਕਵਰ ਕਰਦੇ ਹੋਏ ਇਹਨਾਂ ਵਿਸ਼ਿਆਂ 'ਤੇ ਧਿਆਨ ਦੇਣਾ ਚਾਹੀਦਾ ਹੈ।ਮਹੱਤਵਪੂਰਨ ਨੁਕਤੇ ਬੁਲੇਟ ਫਾਰਮ ਵਿੱਚ ਪੇਸ਼ ਕੀਤੇ ਜਾਣੇ ਚਾਹੀਦੇ ਹਨ। ਹੱਥ ਲਿਖਤ ਯੋਗ, ਬਿਲਕੁਲ ਸਾਫ਼ ਅਤੇ ਸਾਫ਼ ਹੋਣੀ ਚਾਹੀਦੀ ਹੈ। ਉਮੀਦਵਾਰਾਂ ਨੂੰ ਉਹਨਾਂ ਵੱਲੋਂ ਲਿਖੇ ਹਰੇਕ ਜਵਾਬ ਦੀ ਸ਼ਬਦ ਸੀਮਾ ਬਾਰੇ ਸਾਵਧਾਨ ਰਹਿਣ ਦੀ ਲੋੜ ਹੈ, ਕਿਉਂਕਿ ਪ੍ਰਸ਼ਨ-ਉੱਤਰ ਪੁਸਤਕਾਂ ਵਿੱਚ ਸੀਮਤ ਥਾਂ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਸਾਰੇ ਸਵਾਲਾਂ ਦੇ ਜਵਾਬ ਨਿਰਧਾਰਤ ਸਮੇਂ ਦੇ ਅੰਦਰ ਦਿੱਤੇ ਜਾਣੇ ਚਾਹੀਦੇ ਹਨ। ਪ੍ਰੀਖਿਆ ਵਿੱਚ ਸਫਲਤਾ ਪ੍ਰਾਪਤ ਕਰਨ ਅਤੇ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਉਮੀਦਵਾਰਾਂ ਨੂੰ ਆਪਣੇ ਆਪ ਵਿੱਚ ਵਿਸ਼ਵਾਸ ਕਰਨਾ ਚਾਹੀਦਾ ਹੈ ਅਤੇ ਸ਼ਾਂਤ ਮਨ ਨਾਲ ਜਵਾਬ ਲਿਖਣਾ ਚਾਹੀਦਾ ਹੈ।




# ਆਪੇ ਗੁਰੂ ਚੇਲਾ' ਨਗਰ ਕੀਰਤਨ ਦੂਜੇ ਦਿਨ ਸ੍ਰੀ ਚਮਕੌਰ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਲਈ ਰਵਾਨਾ



ਅੰਮ੍ਰਿਤਸਰ, 11 ਜਨਵਰੀ (ਗਿਆਨ ਸਿੰਘ): ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਆਰੰਭ ਹੋਇਆ 'ਆਪੇ ਗੁਰੁ ਚੇਲਾ' ਨਗਰ ਕੀਰਤਨ ਅੱਜ ਦੂਜੇ ਦਿਨ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਤੋਂ ਜੈਕਾਰਿਆਂ ਦੀ ਗੂੰਜ ਵਿਚ ਅਗਲੇ ਪੜਾਅ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਲੁਧਿਆਣਾ ਲਈ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ 'ਚ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ ਗਿਆ। ਇਸ ਮੌਕੇ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਸੰਗਤ ਵਿਚ ਪ੍ਰਚਾਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਗੁਰਪੁਰਬ ਸਮਾਗਮਾਂ ਸਬੰਧੀ ਸੰਗਤਾਂ ਵਿਚ ਉਤਸ਼ਾਹ ਪੈਦਾ ਕਰਦੇ ਹਨ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਿਕਰਤ ਕਰਨ ਦੀ ਅਪੀਲ ਵੀ ਕੀਤੀ।

ਨਗਰ ਕੀਰਤਨ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਜੰਡ ਸਾਹਿਬ, ਧੌਲਰਾਂ, ਪੁਵਾਤ, ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ, ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਕਟਾਣਾ ਸਾਹਿਬ, ਸਾਨੇਵਾਲ, ਪੱਦੀ, ਜੱਸੜ, ਜਰਖੜ ਆਦਿ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਲੁਧਿਆਣਾ ਵਿਖੇ ਪੁੱਜਾ। ਨਗਰ ਕੀਰਤਨ ਦੇ ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਲਈ ਰੁਮਾਲਾ ਸਾਹਿਬ ਭੇਟ ਕੀਤੇ ਗਏ ਅਤੇ ਪੰਜ ਪਿਆਰੇ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰਪਾਓ ਦਿੱਤੇ ਗਏ। ਨਗਰ ਕੀਰਤਨ ਮੌਕੇ ਸੰਗਤ ਵੱਲੋਂ ਵੱਖ-ਵੱਖ ਪੜਾਵਾਂ 'ਤੇ ਅਨੇਕਾਂ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ ਸਨ। ਜ਼ਿਕਰਯੋਗ ਹੈ ਕਿ ਆਪੇ ਗੁਰੁ ਚੇਲਾ ਨਗਰ ਕੀਰਤਨ 12 ਜਨਵਰੀ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਸਾਹਿਬ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਮੈਹਦੇਆਣਾ ਸਾਹਿਬ ਲਈ ਰਵਾਨਾ ਹੋਵੇਗਾ।

ਨਗਰ ਕੀਰਤਨ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਮੈਂਬਰ ਰਘਬੀਰ ਸਿੰਘ ਸਹਾਰਨਮਾਜਰਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪਰਮਜੀਤ ਸਿੰਘ ਲੱਖੇਵਾਲ, ਚਰਨਜੀਤ ਸਿੰਘ ਕਾਲੇਵਾਲ, ਅਜਮੇਰ ਸਿੰਘ ਖੇੜਾ, ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ, ਦਲਜੀਤ ਸਿੰਘ ਚੀਮਾ, ਹਲਕਾ ਇੰਚਾਰਜ ਕਰਨ ਸਿੰਘ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਜ਼ਿਲ੍ਹਾ ਪ੍ਰਧਾਨ ਸ. ਗੁਰਿੰਦਰ ਸਿੰਘ ਗੋਗੀ, ਹਰਜਿੰਦਰ ਸਿੰਘ ਪੁਵਾਤ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਬਲਵਿੰਦਰ ਸਿੰਘ ਖੈਰਾਬਾਦ, ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਨੱਥਾ ਸਿੰਘ, ਅਮਨਦੀਪ ਸਿੰਘ ਮਾਂਗਟ, ਰਣਬੀਰ ਸਿੰਘ ਪੂਨੀਆਂ, ਅਮਰਜੀਤ ਸਿੰਘ ਸੱਲੋਮਾਜਰਾ, ਬਲਦੇਵ ਸਿੰਘ ਹਫਜਾਬਾਦ, ਗੁਰਮੀਤ ਸਿੰਘ ਮਕੜੌਨਾ, ਪ੍ਰੀਤਮ ਸਿੰਘ ਸੱਲੋਜਾਮਰਾ, ਜਗਜੀਤ ਸਿੰਘ ਭੰਗੂ, ਮਨੋਜ ਸਿੰਘ ਮੱਕੜ, ਅਮਰੀਕ ਸਿੰਘ ਸੁਪਰਵਾਈਜ਼ਰ, ਰਵਿੰਦਰ ਸਿੰਘ, ਸ. ਲਵਪ੍ਰੀਤ ਸਿੰਘ, ਨਰਿੰਦਰ ਸਿੰਘ, ਗੁਰਨਾਮ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਮੇਲਾ ਮਾਘੀ ਤੇ ਕੀਤੇ ਗਏ ਹਨ ਸਖਤ ਸੁਰੱਖਿਆ ਪ੍ਰਬੰਧ : ਆਈ.ਪੀ.ਐੱਸ.

ਸ੍ਰੀ ਮੁਕਤਸਰ ਸਾਹਿਬ, 11 ਜਨਵਰੀ (ਗਿਆਨ ਸਿੰਘ): ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਮੇਲਾ ਮਾਘੀ ਨੂੰ ਮੁੱਖ ਰੱਖਦਿਆ ਪੂਰੇ ਸ਼ਹਿਰ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਐਸ.ਐਸ.ਪੀ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੇਲਾ ਮਾਘੀ ਦੇ ਮੌਕੇ ਸ਼ਹਿਰ ਨੂੰ 07 ਸੈਕਟਰਾਂ ਵਿੱਚ ਵੰਡਿਆ ਗਿਆ ਹੈ ਇਹਨਾਂ ਸੈਕਟਰਾਂ ਅੰਦਰ 4 ਕਮਾਂਡੈਟ 08 ਐਸ.ਪੀ ਅਤੇ 21 ਡੀ.ਐਸ.ਪੀ ਸਮੇਤ 4500 ਦੇ ਕਰੀਬ ਪੁਲਿਸ ਅਧਿਕਾਰੀ/ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਉਹਨਾਂ ਕਿਹਾ ਕਿ ਮੇਲੇ ਮਾਘੀ ਨੂੰ ਲੈ ਕੇ ਸ਼ਹਿਰ ਦੇ ਅੰਦਰ ਅਉਣ ਲਈ ਅਤੇ ਸ਼ਹਿਰ ਦੇ ਬਾਹਰ ਜਾਣ ਲਈ ਕੁੱਲ 66 ਨਾਕੇ ਲਗਾਏ ਗਏ ਹਨ ਜਿਨ੍ਹਾ ਵਿੱਚੋਂ 33 ਨਾਕੇ ਸ਼ਹਿਰ ਦੇ ਬਾਹਰ ਜਾਣ ਵਾਲੇ ਰੱਸਤਿਆ ਤੇ ਅਤੇ 33 ਨਾਕੇ ਸ਼ਹਿਰ ਦੇ ਅੰਦਰ ਲਗਏ ਗਏ ਹਨ। ਇਹਨਾਂ ਨਾਕਿਆਂ ਤੇ ਪੁਲਿਸ ਮੁਲਾਜ਼ਮ ਮੇਲਾ ਮਾਘੀ ਵਿੱਚ ਆਉਣ ਵਾਲੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਰਹਿਣਗੇ ਅਤੇ ਇਸ ਦੇ ਨਾਲ ਮੇਲੇ ਦੌਰਾਨ ਟ੍ਰੈਫਿਕ ਨੂੰ ਸੰਚਾਰੂ ਢੰਗ ਨਾਲ ਚਲਾਉਣ ਲਈ 48 ਟ੍ਰੈਫਿਕ ਪੁਆਇੰਟ ਨਿਰਧਾਰਿਤ ਕੀਤੇ ਗਏ ਹਨ।ਜਿਨ੍ਹਾਂ ਤੇ ਟ੍ਰੈਫਿਕ ਪੁਲਿਸ ਮੁਲਾਜ਼ਮ ਤਾਇਨਾਤ ਰਹਿਣਗੇ ਅਤੇ ਟ੍ਰੈਫਿਕ ਵਿਵਸਥਾ ਨੂੰ ਬਰਕਰਾਰ ਰੱਖਣਗੇ। ਉਹਨਾਂ ਕਿਹਾ ਕਿ 18 ਪੁਲਿਸ ਦੀਆਂ ਪੈਦਲ ਟੀਮਾਂ ਬਣਾਈਆ ਗਈਆਂ ਹਨ ਜਿਨ੍ਹਾਂ ਨੂੰ ਸ਼ਹਿਰ ਦੇ ਵੱਖ ਵੱਖ ਭਾਗਾ ਵਿੱਚ ਵੰਡਿਆ ਗਿਆ ਜੋ ਪੈਦਲ ਆ ਜਾ ਰਹੇ ਸ਼ਰਧਾਲੂਆਂ ਵਿੱਚ ਸ਼ੱਕੀ ਵਿਅਕਤੀਆਂ ਤੇ ਨਿਗਰਾਨੀ ਰੱਖਣਗੇ। ਉਨ੍ਹਾਂ ਦੱਸਿਆ ਕਿ 10 ਵਾਚ ਟਾਵਰ ਬਣਾਏ ਗਏ ਹਨ ਇਹਨਾਂ ਵਾਚ ਟਾਵਰਾਂ ਤੇ ਪੁਲਿਸ ਮੁਲਜਮਾਂ ਵੱਲੋਂ ਮੇਲਾ ਮਾਘੀ ਅੰਦਰ ਦੂਰਬੀਨ ਰਾਂਹੀ ਨਿਗ੍ਹਾ ਰੱਖੀ ਜਾਵੇਗੀ।



